ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 21 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੮ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਹਵਾਈ ਯਾਤਰਾ ਕਰਨ ਵਾਲਿਆਂ ਲਈ ਅਹਿਮ ਖ਼ਬਰ , ਆਦਮਪੁਰ ਸਮੇਤ 4 ਹਵਾਈ ਅੱਡੇ ਰਹਿਣਗੇ ਬੰਦ

**ਨਵੀਂ ਦਿੱਲੀ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਹਵਾਈ ਯਾਤਰਾ ਕਰਨ ਵਾਲਿਆਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ। ਦੇਸ਼ ਦੇ 4 ਵੱਡੇ ਏਅਰਪੋਰਟ- ਪੰਜਾਬ ਦੇ ਆਦਮਪੁਰ ਏਅਰ ਬੇਸ, ਜੋਧਪੁਰ, ਸ਼੍ਰੀਨਗਰ ਅਤੇ ਪੁਣੇ 'ਤੇ ਰਨਵੇਅ ਦੀ ਮੁਰੰਮਤ ਕਾਰਨ ਉਡਾਣਾਂ ਕੁਝ ਸਮੇਂ ਲਈ ਪ੍ਰਭਾਵਿਤ ਰਹਿਣਗੀਆਂ। ਇੰਡੀਅਨ ਏਅਰ ਫੋਰਸ (ਆਈ.ਏ.ਐੱਫ.) ਨੇ ਇਨ੍ਹਾਂ ਏਅਰਪੋਰਟਾਂ 'ਤੇ ਪੜਾਅਵਾਰ ਤਰੀਕੇ ਨਾਲ ਰਨਵੇਅ ਰੀਕਾਰਪੇਟਿੰਗ ਦੀ ਯੋਜਨਾ ਬਣਾਈ ਹੈ। ਪੰਜਾਬ ਦੇ ਆਦਮਪੁਰ ਏਅਰਬੇਸ 'ਤੇ ਜਲਦ ਹੀ ਰਨਵੇ ਮੁਰੰਮਤ ਦਾ ਕੰਮ ਸ਼ੁਰੂ ਹੋਣ ਜਾ ਰਿਹਾ ਹੈ, ਜਿਸ ਕਾਰਨ ਇਹ ਏਅਰਪੋਰਟ ਲਗਭਗ 8 ਮਹੀਨੇ ਲਈ ਬੰਦ ਰਹਿ ਸਕਦਾ ਹੈ। ਇਹ ਖ਼ਬਰ ਯਾਤਰੀਆਂ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ ਕਿਉਂਕਿ ਇਸ ਨਾਲ ਉਡਾਣ ਸੇਵਾਵਾਂ 'ਤੇ ਸਿੱਧਾ ਅਸਰ ਪਵੇਗਾ। ਆਦਮਪੁਰ ਏਅਰਬੇਸ 'ਤੇ ਇਹ ਕੰਮ ਨਵੰਬਰ ਤੋਂ ਬਾਅਦ ਸ਼ੁਰੂ ਕੀਤਾ ਜਾਵੇਗਾ। ਜ਼ੋਧਪੁਰ ਏਅਰਪੋਰਟ 'ਤੇ ਸਭ ਤੋਂ ਪਹਿਲਾਂ ਕੰਮ ਸ਼ੁਰੂ ਹੋਵੇਗਾ, ਜਿੱਥੇ 29 ਮਾਰਚ ਤੋਂ 27 ਅਪ੍ਰੈਲ ਤੱਕ ਲਗਭਗ ਇੱਕ ਮਹੀਨੇ ਲਈ ਸਾਰੀਆਂ ਸਿਵਲ ਉਡਾਣਾਂ ਬੰਦ ਰਹਿਣਗੀਆਂ। ਇਸ ਕਾਰਨ ਇੰਡਿਗੋ, ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਵਰਗੀਆਂ ਏਅਰਲਾਈਨਾਂ ਨੇ 28 ਮਾਰਚ ਤੋਂ ਬਾਅਦ ਦੀਆਂ ਬੁਕਿੰਗਾਂ ਪਹਿਲਾਂ ਹੀ ਰੋਕ ਦਿੱਤੀਆਂ ਹਨ। ਸ਼੍ਰੀਨਗਰ ਏਅਰਪੋਰਟ 'ਤੇ ਵੀ ਯਾਤਰੀਆਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ। ਇੱਥੇ ਅਗਸਤ ਤੋਂ ਅਕਤੂਬਰ ਦੇ ਵਿਚਕਾਰ ਹਰ ਹਫ਼ਤੇ ਦੇ ਅੰਤ 'ਤੇ ਉਡਾਣਾਂ ਬੰਦ ਰਹਿਣਗੀਆਂ।

## ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਦੇ ਵਾਲਾ

# ਨੌ ਸਾਲਾਂ ਤੋਂ ਭਾਰਤ 'ਚ ਲੁਕਿਆ ਬੰਗਲਾਦੇਸ਼ੀ ਕਾਬੂ

**ਨਵੀਂ ਦਿੱਲੀ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਗੁਰੂਗ੍ਰਾਮ ਪੁਲਿਸ ਨੇ ਬੰਗਲਾਦੇਸ਼ੀ ਮੂਲ ਦੇ ਇੱਕ ਨੌਜਵਾਨ ਨੂੰ ਸਕੂਲਾਂ ਨੂੰ ਉਡਾਉਣ ਦੀ ਧਮਕੀ ਭਰੇ ਮੇਲ ਭੇਜਣ ਦੇ ਇਲਜ਼ਾਮ ਵਿੱਚ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਨੇ ਨੇ 28 ਜਨਵਰੀ ਨੂੰ ਸਕੂਲਾਂ ਨੂੰ ਉਡਾਉਣ ਦੀ ਧਮਕੀ ਭਰੇ ਮੇਲ ਭੇਜੇ ਸਨ। ਦੱਸ ਦਈਏ ਕਿ ਸਕੂਲਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਨ ਲਈ ਬੰਬਾਂ ਬਾਰੇ ਝੂਠੇ ਈਮੇਲ ਭੇਜਣ ਦੇ ਸਬੰਧ ਵਿੱਚ ਸਕੂਲ ਅਧਿਕਾਰੀਆਂ ਦੀ ਸ਼ਿਕਾਇਤ 'ਤੇ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਵਿੱਚ ਕੇਸ ਦਰਜ ਕੀਤਾ ਗਿਆ ਸੀ। ਗੁਰੂਗ੍ਰਾਮ ਪੁਲਿਸ ਦੇ ਬੁਲਾਰੇ ਸੰਦੀਪ ਕੁਮਾਰ ਨੇ ਦੱਸਿਆ ਕਿ ਸਕੂਲਾਂ ਵਿੱਚ ਬੰਬ ਹੋਣ ਦੀ ਸੂਚਨਾ ਮਿਲਣ 'ਤੇ ਗੁਰੂਗ੍ਰਾਮ ਪੁਲਿਸ ਟੀਮ ਘਟਨਾ ਸਥਾਨਾਂ 'ਤੇ ਪਹੁੰਚੀ। ਪੁਲਿਸ ਦੇ ਡੌਗ ਸਕੁਐਡ ਟੀਮ, ਬੰਬ ਨਿਰੋਧਕ ਟੀਮ, ਫਾਇਰ ਬ੍ਰਿਗੇਡ ਟੀਮਾਂ ਨੇ ਵੀ ਘਟਨਾ ਸਥਾਨਾਂ ਦਾ ਮੁਆਇਨਾ ਕੀਤਾ, ਪਰ ਪੁਲਿਸ ਟੀਮ ਨੂੰ ਕੋਈ ਬੰਬ ਨਹੀਂ ਮਿਲਿਆ। ਇਸ ਮਾਮਲੇ 'ਤੇ



ਕਾਰਵਾਈ ਕਰਦੇ ਹੋਏ ਕਿ ਸਾਈਬਰ ਕ੍ਰਾਈਮ ਯੂਨਿਟ ਨੇ ਗੁਜਰਾਤ ਵਿੱਚ ਮੁਲਜ਼ਮ ਨੂੰ ਸਫਲਤਾਪੂਰਵਕ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮ ਦੀ ਪਛਾਣ ਸੌਰਭ ਵਿਸ਼ਵਾਸ ਉਰਫ਼ ਮਾਈਕਲ (ਉਮਰ 30, 12ਵੀਂ ਜਮਾਤ) ਵਜੋਂ ਹੋਈ ਹੈ, ਜੋ ਬੰਗਲਾਦੇਸ਼ ਦਾ ਨਿਵਾਸੀ ਹੈ ਅਤੇ ਮੌਜੂਦਾ ਸਮੇਂ ਵਿੱਚ ਸ਼੍ਰੀਪੱਲੀ ਬਾਜ਼ਾਰ, ਗੋਵਿੰਦਪੱਲੀ ਜ਼ਿਲ੍ਹਾ, ਉੱਤਰੀ 24 ਪਰਗਨਾ (ਪੱਛਮੀ ਬੰਗਾਲ) ਵਿੱਚ ਰਹਿ ਰਿਹਾ ਹੈ। ਪੁਲਿਸ ਪੁੱਛਗਿੱਛ ਤੋਂ ਪਤਾ ਲੱਗਾ ਕਿ ਉਹ ਇੱਕ ਬੰਗਲਾਦੇਸ਼ੀ ਨਾਗਰਿਕ ਹੈ। ਉਹ ਲਗਭਗ ਨੌਂ ਸਾਲ ਪਹਿਲਾਂ ਗੈਰ-ਕਾਨੂੰਨੀ ਤੌਰ 'ਤੇ ਭਾਰਤ ਵਿੱਚ ਦਾਖਲ ਹੋਇਆ ਸੀ ਅਤੇ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਉੱਥੇ ਰਹਿ ਰਿਹਾ ਸੀ। ਉਹ ਸ਼ੁਰੂ ਵਿੱਚ ਇੱਕ ਮਜ਼ਦੂਰ ਵਜੋਂ ਕੰਮ ਕਰਦਾ ਸੀ। ਉਸਨੂੰ ਡਿਜੀਟਲ ਮਾਰਕੀਟਿੰਗ, ਗ੍ਰਾਫਿਕਸ ਦਾ ਗਿਆਨ ਹੈ ਅਤੇ ਉਹ ਪਿਛਲੇ ਪੰਜ ਸਾਲਾਂ ਤੋਂ ਡਿਜੀਟਲ ਮਾਰਕੀਟਿੰਗ ਵਿੱਚ ਫ੍ਰੀਲਾਂਸਿੰਗ ਕਰ ਰਿਹਾ ਹੈ। ਉਹ ਇੱਕ ਫੇਸਬੁੱਕ ਸਮੂਹ ਦਾ ਮੈਂਬਰ ਸੀ ਜਿੱਥੇ ਉਸਦੀ ਮੁਲਾਕਾਤ ਮਾਮੂਨੂਰ ਰਾਸ਼ਿਦ ਨਾਮ ਦੇ ਇੱਕ ਬੰਗਲਾਦੇਸ਼ੀ ਵਿਅਕਤੀ ਨਾਲ ਹੋਈ, ਜਿਸਨੇ ਉਸਦੀ ਜੀਮੇਲ ਆਈਡੀ ਮੰਗੀ ਅਤੇ ਬਦਲੇ ਵਿੱਚ ਉਸਨੂੰ ਯੂਐਸਡੀਟੀ ਦੀ ਪੇਸ਼ਕਸ਼ ਕੀਤੀ। ਫਿਰ ਉਸਨੇ ਮਾਮੂਨੂਰ ਰਸ਼ੀਦ ਨੂੰ ਲਗਭਗ 300 ਜੀਮੇਲ ਆਈਡੀ ਪ੍ਰਦਾਨ ਕੀਤੇ, ਜਿਸਦੇ ਬਦਲੇ ਉਸਨੂੰ ਲਗਭਗ 250 ਯੂਐਸਡੀਟੀ ਕ੍ਰਿਪਟੋਕਰੰਸੀ ਮਿਲੀ। ਇਸੇ ਈਮੇਲ ਆਈਡੀ ਦੀ ਵਰਤੋਂ ਸਕੂਲਾਂ ਵਿੱਚ ਬੰਬ ਧਮਾਕਿਆਂ ਬਾਰੇ ਝੂਠੇ ਈਮੇਲ ਭੇਜਣ ਲਈ ਕੀਤੀ ਗਈ ਸੀ। ਸਾਈਬਰ ਕ੍ਰਾਈਮ ਯੂਨਿਟ ਨੇ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਨ ਅਤੇ ਉਸਨੂੰ ਰਿਮਾਂਡ 'ਤੇ ਲੈਣ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ।

## ਈਰਾਨ ਦਾ ਇਜ਼ਰਾਇਲ 'ਤੇ ਵੱਡਾ ਹਮਲਾ; ਹਾਈਫਾ 'ਚ ਤੇਲ ਰਿਫਾਈਨਰੀ ਹੋਇਆ ਧੂੰਆਂ-ਧੂੰਆਂ

**ਤਹਿਰਾਨ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਮੱਧ ਪੂਰਬ ਵਿੱਚ ਚੱਲ ਰਿਹਾ ਯੁੱਧ ਆਪਣੇ 21ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ। ਇਹ ਯੁੱਧ ਹਰ ਰੋਜ਼ ਹੋਰ ਵੀ ਗੰਭੀਰ ਹੁੰਦਾ ਜਾ ਰਿਹਾ ਹੈ। ਬੁੱਧਵਾਰ ਨੂੰ ਦੱਖਣੀ ਪਾਰਸ ਗੈਸ ਖੇਤਰ 'ਤੇ ਇਜ਼ਰਾਇਲ ਦੇ ਹਮਲੇ ਤੋਂ ਬਾਅਦ ਈਰਾਨ ਗੁੱਸੇ ਵਿੱਚ ਆ ਗਿਆ ਹੈ। ਈਰਾਨ ਖਾੜੀ ਦੇਸ਼ਾਂ ਦੇ ਤੇਲ ਅਤੇ ਗੈਸ ਖੇਤਰਾਂ 'ਤੇ ਲਗਾਤਾਰ ਹਮਲਾ ਕਰ ਰਿਹਾ ਹੈ। ਹੁਣ, ਈਰਾਨ ਨੇ ਇੱਕ ਇਜ਼ਰਾਇਲੀ ਰਿਫਾਇਨਰੀ ਨੂੰ ਨਿਸ਼ਾਨਾ ਬਣਾਇਆ ਹੈ। ਈਰਾਨ ਨੇ ਇਜ਼ਰਾਇਲ ਦੀ ਸਭ ਤੋਂ ਮਹੱਤਵਪੂਰਨ ਹਾਈਫਾ ਰਿਫਾਇਨਰੀ ਨੂੰ ਨਿਸ਼ਾਨਾ ਬਣਾਇਆ ਹੈ। ਈਰਾਨ ਨੇ ਇਜ਼ਰਾਇਲ ਦੇ ਮਹੱਤਵਪੂਰਨ ਊਰਜਾ ਕੇਂਦਰ 'ਤੇ ਇੱਕ ਵੱਡਾ ਹਮਲਾ ਕੀਤਾ ਹੈ। ਈਰਾਨ ਨੇ



ਇਜ਼ਰਾਇਲ ਦੇ ਸ਼ਹਿਰ ਹਾਈਫਾ ਵਿੱਚ ਤੇਲ ਰਿਫਾਇਨਰੀ ਕੰਪਲੈਕਸ 'ਤੇ ਬੈਲਿਸਟਿਕ ਮਿਜ਼ਾਈਲਾਂ ਨਾਲ ਹਮਲਾ ਕੀਤਾ। ਇਸਨੇ ਅਸ਼ਦੋਦ ਰਿਫਾਇਨਰੀ 'ਤੇ ਵੀ ਸ਼ੁੱਧਤਾ ਮਿਜ਼ਾਈਲਾਂ ਨਾਲ ਹਮਲਾ ਕੀਤਾ। ਇਹ ਹਮਲਾ ਇੰਨਾ ਗੰਭੀਰ ਸੀ ਕਿ ਇਜ਼ਰਾਇਲ ਦਾ ਹਵਾਈ ਰੱਖਿਆ ਪ੍ਰਣਾਲੀ ਵੀ ਇਸਨੂੰ ਰੋਕਣ ਵਿੱਚ ਅਸਫਲ ਰਹੀ। ਹਮਲੇ ਤੋਂ ਬਾਅਦ, ਰਿਫਾਇਨਰੀ ਵਿੱਚ ਅੱਗ ਲੱਗ ਗਈ, ਜਿਸ ਨੂੰ ਬੁਝਾਉਣ ਲਈ ਫਾਇਰ ਬ੍ਰਿਗੇਡ ਅਤੇ ਬਚਾਅ ਟੀਮਾਂ ਕੰਮ ਕਰ ਰਹੀਆਂ ਹਨ। ਫਿਲਹਾਲ ਜਾਨੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਈਰਾਨ ਨੇ ਇਜ਼ਰਾਇਲ 'ਤੇ ਹੁਣ ਤੱਕ ਦਾ ਆਪਣਾ ਸਭ ਤੋਂ ਵੱਡਾ ਹਮਲਾ ਕੀਤਾ ਹੈ। ਈਰਾਨ ਨੇ ਇਜ਼ਰਾਇਲ ਦੇ ਤੀਜੇ ਸਭ ਤੋਂ ਵੱਡੇ ਸ਼ਹਿਰ ਹਾਈਫਾ ਅਤੇ ਦੇਸ਼ ਦੇ ਦੱਖਣ ਵਿੱਚ ਅਸ਼ਦੋਦ ਵਿੱਚ ਰਿਫਾਇਨਰੀਆਂ ਨੂੰ ਨਿਸ਼ਾਨਾ ਬਣਾਇਆ।

## ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੋੜਿਆ ਜਾਵੇਗਾ; ਕੇਂਦਰ ਸਰਕਾਰ ਦੀ ਪੰਜਾਬ ਨੂੰ ਵੱਡੀ ਸੌਗਾਤ

**ਨਵੀਂ ਦਿੱਲੀ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਵੱਡੀ ਸੌਗਾਤ



ਦਿੱਤੀ ਗਈ ਹੈ। ਦੱਸ ਦਈਏ ਕਿ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਵੱਲੋਂ ਸਿੱਖ ਕੌਮ ਦੇ ਚੌਥੇ ਤਖ਼ਤ ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੋੜਨ ਦਾ ਕੀਤਾ ਐਲਾਨ ਗਿਆ। ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੇ ਕਿਹਾ ਕਿ ਪੰਜਾਬ 'ਚ ਰੇਲਵੇ ਪ੍ਰੋਜੈਕਟ ਦੇ ਲਈ 1118 ਕਰੋੜ ਰੁਪਏ ਨਿਵੇਸ਼ ਕੀਤੇ ਜਾਣਗੇ। ਇਹ ਪ੍ਰੋਜੈਕਟ 3 ਸਾਲ ਵਿੱਚ ਪੂਰਾ ਹੋਵੇਗਾ। ਜਿਸ 'ਚ ਸੱਤ ਸਟੇਸ਼ਨ ਬਣਾਏ ਜਾਣਗੇ। ਦੱਸ ਦਈਏ ਕਿ ਕੇਂਜਰੀ ਰਾਜ ਮੰਤਰੀ ਰਵਨੀਤ ਬਿੱਟੂ ਅੱਜ ਬਠਿੰਡਾ ਪਹੁੰਚੇ ਜਿੱਥੇ ਉਨ੍ਹਾਂ ਨੇ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੋੜਨ ਦਾ ਐਲਾਨ ਕਰਦੇ ਹੋਏ ਦੱਸਿਆ ਕਿ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੁੜਨ ਲਈ 1118 ਕਰੋੜ ਰੁਪਏ ਦਾ ਪ੍ਰੋਜੈਕਟ ਪਾਸ ਕੀਤਾ ਗਿਆ ਹੈ ਜਿਸ ਨੂੰ ਤਿੰਨ ਸਾਲਾਂ ਵਿੱਚ ਪੂਰਾ ਕਰ ਦਿੱਤਾ ਜਾਵੇਗਾ। ਪੰਜਾਬੀ ਅਖ਼ਬਾਰ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੋੜਨ ਦਾ ਐਲਾਨ ਕਰਦੇ ਹੋਏ ਦੱਸਿਆ ਕਿ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਾਈਨ ਨਾਲ ਜੁੜਨ ਲਈ 1118 ਕਰੋੜ ਰੁਪਏ ਦਾ ਪ੍ਰੋਜੈਕਟ ਪਾਸ ਕੀਤਾ ਗਿਆ ਹੈ ਜਿਸ ਨੂੰ ਤਿੰਨ ਸਾਲਾਂ ਵਿੱਚ ਪੂਰਾ ਕਰ ਦਿੱਤਾ ਜਾਵੇਗਾ। ਇਸ ਐਲਾਨ ਦੌਰਾਨ ਰਵਨੀਤ ਬਿੱਟੂ ਨੇ ਕਿਹਾ ਕਿ ਸਿੱਖ ਕੌਮ ਦੀ ਇਸ ਸਬੰਧੀ ਕਾਫੀ ਲੰਬੇ ਸਮੇਂ ਤੋਂ ਮੰਗ ਸੀ। ਜਿਸ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਪੰਜ ਦੇ ਪੰਜ ਤਖਤਾਂ ਨੂੰ ਰੇਲਵੇ ਲਾਈਨ ਨਾਲ ਜੋੜਿਆ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਕਿਸਾਨਾਂ ਨੂੰ ਕਿਹਾ ਕਿ ਜ਼ਮੀਨ ਨੂੰ ਖਰੀਦਣ ਲਈ 300 ਕਰੋੜ ਤੋਂ ਜਿਆਦਾ ਦਾ ਪੈਸਾ ਆ ਚੁੱਕਿਆ ਹੈ। ਜੋ ਡੀਸੀ ਤੱਕ ਪਹੁੰਚ ਚੁੱਕਿਆ ਹੈ। ਉਹ ਕਿਸਾਨਾਂ ਨੂੰ ਹੱਥ ਜੋੜ ਕੇ ਬੋਲਦੇ ਹਨ ਕਿ ਕੋਈ ਰੁਕਾਵਟ ਨਾ ਬਣਿਓ। ਇਸ ਤੋਂ ਇਲਾਵਾ ਇਸ ਪ੍ਰੋਜੈਕਟ 'ਚ ਕੋਈ ਸਿਆਸਤ ਨਾ ਕਰਿਓ। ਬੇਸ਼ੱਕ ਕਿਸਾਨ ਹੋਣ ਜਾਂ ਫੇਰ ਕਿਸਾਨ ਯੂਨੀਅਨ। ਉਨ੍ਹਾਂ ਵੱਲੋਂ ਜ਼ਮੀਨ ਦਾ ਬਣਦਾ ਮੁੱਲ ਦੇਵਾਂਗਾ। ਪਿਛਲੇ ਸਾਲ ਕਾਫੀ ਰੇਲਵੇ ਲਾਈਨ ਬਣਾਈਆਂ ਹਨ ਅਤੇ ਅੱਗੇ ਵੀ ਉਨ੍ਹਾਂ ਦੀ ਇਸ ਸਬੰਧੀ ਕੋਸ਼ਿਸ਼ਾਂ ਜਾਰੀ ਰਹਿਣਗੀਆਂ। ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੇਸ਼ ਕੀਤੇ ਗਏ ਚਾਰ ਸਾਲ ਦੇ ਰਿਪੋਰਟ ਕਾਰਡ 'ਤੇ ਰਵਨੀਤ ਬਿੱਟੂ ਨੇ ਕਿਹਾ ਕਿ ਰਿਪੋਰਟ ਕਾਰਡ ਉਹਨਾਂ ਦਾ ਖਾਲੀ ਪਿਆ ਹੈ। ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਪੰਜਾਬ ਵਿੱਚ 16 ਮੈਡੀਕਲ ਕਾਲਜ ਬਣਾਉਣ ਦਾ ਐਲਾਨ ਕੀਤਾ ਸੀ ਕਿੱਥੇ ਹਨ, ਮਾਲਵਾ ਨਹਿਰ ਬਣਾਉਣ ਦਾ ਐਲਾਨ ਕੀਤਾ ਉਹ ਵੀ ਨਹੀਂ ਬਣਾਈ ਗਈ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਇਨਸਾਫ ਦਵਾਉਣ ਦਾ ਵਾਅਦਾ ਕੀਤਾ ਸੀ ਉਹ ਪੂਰਾ ਨਹੀਂ ਕੀਤਾ ਗਿਆ। ਪੰਜਾਬ ਦਾ ਖਜ਼ਾਨਾ ਭਰਨ ਲਈ ਵੱਡੇ-ਵੱਡੇ ਸੁਪਨੇ ਦਿਖਾਏ ਗਏ ਸਨ, ਹੁਣ ਤੱਕ ਇਨ੍ਹਾਂ ਤੋਂ ਕੁਝ ਨਹੀਂ ਬਣਿਆ ਇੱਥੋਂ ਤੱਕ ਕਿ ਪਾਣੀ ਵਾਲਾ ਬੈਂਗਣ ਵੀ ਨਹੀਂ ਬਣਿਆ, ਉਹਨਾਂ ਕਿਹਾ ਕਿ ਇੱਕ ਪਾਸੇ ਭਗਵੰਤ ਮਾਨ ਸੀਐਮ ਤੇ ਦੂਜੇ ਪਾਸੇ ਦਿੱਲੀ ਵਾਲਾ ਸੁਪਰ ਸੀਐਮ ਬਣ ਕੇ ਬੈਠਾ ਹੈ, ਸਿਰਫ ਪੰਜਾਬ ਵਿੱਚ ਇਹ ਮੌਜ ਮਸਤੀ ਕਰ ਰਹੇ ਹਨ ਅਤੇ ਛੇ ਮਹੀਨੇ ਹੋਰ ਮੌਜ ਮਸਤੀ ਕਰਨੀ ਹੈ।

## 4 ਵਾਹਨਾਂ ਦੀ ਟੱਕਰ, ਅੱਗ 'ਚ 1 ਕੁੜੀ ਜ਼ਿਉਂਦਾ ਸੜੀ,4 ਜ਼ਖਮੀ

**ਨਵੀਂ ਦਿੱਲੀ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਪਾਣੀਪਤ-ਦਿੱਲੀ ਜੀਟੀ ਰੋਡ 'ਤੇ 10 ਵਜੇ ਦੇ ਕਰੀਬ ਸਮਾਲਖਾ ਨੇੜੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਸੜਕ 'ਤੇ ਖੜ੍ਹੀ ਇੱਕ ਖਰਾਬ ਕਾਰ ਕਾਰਨ ਚਾਰ ਵਾਹਨ ਇੱਕ ਤੋਂ ਬਾਅਦ ਇੱਕ ਟਕਰਾ ਗਏ। ਇਸ ਹਾਦਸੇ ਵਿੱਚ ਇੱਕ 17 ਸਾਲਾ ਲੜਕੀ ਸੜ ਗਈ, ਜਦੋਂ ਕਿ ਚਾਰ ਹੋਰ ਜ਼ਖਮੀ ਹੋ ਗਏ। ਅੰਗਰੇਜ਼ੀ ਖ਼ਬਰਾਂ ਮੁੱਢਲੀ ਜਾਣਕਾਰੀ



ਅਨੁਸਾਰ, ਦਿੱਲੀ ਰਜਿਸਟ੍ਰੇਸ਼ਨ ਨੰਬਰ ਵਾਲੀ ਇੱਕ ਸੇਲੇਰੀਓ ਕਾਰ ਖਰਾਬ ਹੋ ਗਈ ਸੀ ਅਤੇ ਜੀਟੀ ਰੋਡ 'ਤੇ ਇੱਕ ਲੇਨ ਵਿੱਚ ਖੜੀ ਸੀ। ਸਵਾਰ ਮਦਦ ਦੀ ਉਡੀਕ ਕਰ ਰਹੇ ਸਨ। ਇਸ ਦੌਰਾਨ, ਕੁਰੂਕਸ਼ੇਤਰ ਦੇ ਰਹਿਣ ਵਾਲੇ ਸੁਨੀਲ ਦੁਆਰਾ ਚਲਾਈ ਜਾ ਰਹੀ ਇੱਕ ਐਮਜੀ ਹੈਕਟਰ ਕਾਰ, ਸੇਲੇਰੀਓ ਦੇ ਨੇੜੇ ਹੌਲੀ ਹੋ ਗਈ। ਉਸੇ ਸਮੇਂ, ਪਿੱਛੇ ਤੋਂ ਆ ਰਹੀ ਯਾਤਰੀਆਂ ਨਾਲ ਭਰੀ ਈਕੋ ਕਾਰ, ਹੈਕਟਰ ਨਾਲ ਟਕਰਾ ਗਈ। ਦੱਸਿਆ ਜਾ ਰਿਹਾ ਹੈ ਕਿ ਈਕੋ ਕਾਰ ਵਿੱਚ ਸਵਾਰ ਲੋਕ ਉਤਰ ਹੀ ਰਹੇ ਸਨ ਕਿ ਪਿੱਛੇ ਤੋਂ ਆ ਰਹੀ ਇੱਕ ਰਾਜਸਥਾਨ ਰੋਡਵੇਜ਼ ਬੱਸ ਨੇ ਈਕੋ ਕਾਰ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਈਕੋ ਕਾਰ ਨੂੰ ਅੱਗ ਲੱਗ ਗਈ। ਚਸ਼ਮਦੀਦਾਂ ਦੇ ਅਨੁਸਾਰ, ਅੱਗ ਨੇ ਕੁਝ ਹੀ ਪਲਾਂ ਵਿੱਚ ਭਿਆਨਕ ਰੂਪ ਧਾਰਨ ਕਰ ਲਿਆ। ਅੱਗ ਦੀ ਲਪੇਟ ਵਿੱਚ ਆ ਕੇ ਨਾਬਾਲਗ ਲੜਕੀ ਗੱਡੀ ਵਿੱਚੋਂ ਬਾਹਰ ਨਹੀਂ ਨਿਕਲ ਸਕੀ ਅਤੇ ਜ਼ਿੰਦਾ ਸੜ ਗਈ। ਹਾਦਸੇ ਕਾਰਨ ਹਫੜਾ-ਦਫੜੀ ਅਤੇ ਚੀਕ-ਚਿਹਾੜਾ ਮਚ ਗਿਆ। ਸੂਚਨਾ ਮਿਲਦੇ ਹੀ ਪੁਲਿਸ ਅਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ, ਫਾਇਰ ਬ੍ਰਿਗੇਡ ਦੀਆਂ ਟੀਮਾਂ ਨੇ ਅੱਗ 'ਤੇ ਕਾਬੂ ਪਾਇਆ।

ਜ਼ਖਮੀਆਂ ਨੂੰ ਤੁਰੰਤ ਨੇੜਲੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਪੁਲਿਸ ਅਨੁਸਾਰ, ਮ੍ਰਿਤਕ ਲੜਕੀ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰੱਖਿਆ ਗਿਆ ਹੈ। ਨੁਕਸਾਨੇ ਗਏ ਵਾਹਨਾਂ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸੜਕ 'ਤੇ ਖੜ੍ਹਾ ਇੱਕ ਨੁਕਸਾਨਿਆ ਵਾਹਨ ਹਾਦਸੇ ਦਾ ਮੁੱਖ ਕਾਰਨ ਹੋ ਸਕਦਾ ਹੈ। ਪੁਲਿਸ ਸਾਰੇ ਪਹਿਲੂਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੂਰੀ ਜਾਂਚ ਕਰ ਰਹੀ ਹੈ।

## ਖ਼ਾਲਸਈ ਜਾਹੋ-ਜਲਾਲ ਨਾਲ ਮਨਾਈ ਜਾਵੇਗੀ ਸ੍ਰੀ ਕੀਰਤਪੁਰ ਸਾਹਿਬ ਦੇ ਸਥਾਪਨਾ ਦਿਵਸ ਦੀ ਸ਼ਤਾਬਦੀ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਅੰਮ੍ਰਿਤਸਰ**, 20 ਮਾਰਚ (**ਆਵਾਜ਼ਿ ਕੌਮ ਬਿਊਰੋ**)-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਵਸਾਏ ਸ੍ਰੀ ਕੀਰਤਪੁਰ ਸਾਹਿਬ ਦਾ 400 ਸਾਲਾ ਸਥਾਪਨਾ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਪ੍ਰੰਪਰਾਵਾਂ ਅਤੇ ਖ਼ਾਲਸਈ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ। ਇਸ ਸਬੰਧੀ 29, 30 ਅਪ੍ਰੈਲ ਅਤੇ 1 ਮਈ 2026 ਨੂੰ ਗੁਰਦੁਆਰਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਵਿਸ਼ਾਲ ਪੱਧਰ 'ਤੇ ਗੁਰਮਤਿ ਸਮਾਗਮ ਹੋਣਗੇ। ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ



ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਸਮਾਗਮਾਂ ਸਬੰਧੀ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿਚ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਕੀਰਤਪੁਰ ਸਾਹਿਬ ਉਹ ਪਾਵਨ ਧਰਤੀ ਹੈ, ਜਿਸ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਵਸਾਇਆ ਸੀ ਅਤੇ ਇਸ ਪਾਵਨ ਅਸਥਾਨ 'ਤੇ ਸ੍ਰੀ ਗੁਰੂ ਹਰਿਰਾਇ ਸਾਹਿਬ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਵੀ ਵਾਸ ਕੀਤਾ। ਇਸ ਪਾਵਨ ਅਸਥਾਨ ਦੀ 400 ਸਾਲਾ ਸ਼ਤਾਬਦੀ ਸਮੂਹ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਪੱਧਰ 'ਤੇ ਮਨਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸਬੰਧੀ 29 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਅਤੇ ਰੈਣ-ਸਬਾਈ ਕੀਰਤਨ ਦਰਬਾਰ ਕਰਵਾਇਆ ਜਾਵੇਗਾ। 30 ਅਪ੍ਰੈਲ ਨੂੰ ਵੀ ਗੁਰਮਤਿ ਸਮਾਗਮ ਹੋਣਗੇ, ਜਿਸ ਵਿਚ ਪੰਥ ਪ੍ਰਸਿੱਧ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥੇ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਨਗੇ। ਸ਼ਤਾਬਦੀ ਸਬੰਧੀ ਮੁੱਖ ਸਮਾਗਮ 1 ਮਈ 2026 ਨੂੰ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ, ਸਿੱਖ ਪੰਥ ਦੀਆਂ ਸਮੂਹ ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਕਾਰਸੇਵਾ ਵਾਲੇ ਮਹਾਂਪੁਰਖਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਸੰਪ੍ਰਦਾਵਾਂ, ਨਿਹੰਗ ਸਿੰਘ ਜਥੇਬੰਦੀਆਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਭੇਜੇ ਜਾਣਗੇ। ਸ਼ਤਾਬਦੀ ਸਮਾਗਮਾਂ ਦੌਰਾਨ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਣਗੇ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ।
ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।

ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸ਼ਬਦਾਂ ਦੀ ਸੰਗਤ: ਕਿਤਾਬਾਂ ਦਾ ਸਫ਼ਰ ਅਤੇ ਵਿਚਾਰਾਂ ਦਾ ਵਿਸਥਾਰ

ਮੇਰੇ ਕੋਲ ਅਕਸਰ ਇਹ ਸਵਾਲ ਆਉਂਦਾ ਹੈ ਕਿ ਕਿਹੜੀ ਕਿਤਾਬ ਪੜ੍ਹੀ ਜਾਵੇ? ਕਿਹੜੀਆਂ ਕਿਤਾਬਾਂ ਵਧੀਆ ਹਨ? ਅਸੀਂ ਖਰੀਦਦਾਰੀ ਦੇ ਘੱਟ ਅਤੇ ਤੇਜ਼ ਵਕਤ ਦੌਰਾਨ ਵਧੀਆ ਕਿਤਾਬ ਕਿਵੇਂ ਪਹਿਚਾਣ ਸਕਦੇ ਹਾਂ? ਇਹ ਸਵਾਲ ਸਿਰਫ਼ ਇੱਕ ਪਾਠਕ ਦਾ ਨਹੀਂ, ਸਗੋਂ ਅੱਜ ਦੇ ਪੂਰੇ ਸਮਾਜ ਦਾ ਸਵਾਲ ਬਣ ਚੁੱਕਾ ਹੈ। ਅਸੀਂ ਉਸ ਯੁੱਗ ਵਿੱਚ ਜੀ ਰਹੇ ਹਾਂ ਜਿੱਥੇ ਚੋਣਾਂ ਬਹੁਤ ਹਨ, ਪਰ ਸਮਝ ਘੱਟ ਹੋ ਰਹੀ ਹੈ। ਜਿੱਥੇ ਕਿਤਾਬਾਂ ਦੀ ਕਮੀ ਨਹੀਂ, ਪਰ ਪੜ੍ਹਨ ਦੀ ਦਿਸ਼ਾ ਧੁੰਦਲੀ ਹੋ ਗਈ ਹੈ।

ਪਰ ਕੀ ਸੱਚਮੁੱਚ "ਵਧੀਆ ਕਿਤਾਬ" ਦੀ ਪਹਿਚਾਣ ਪਹਿਲਾਂ ਤੋਂ ਕੀਤੀ ਜਾ ਸਕਦੀ ਹੈ? ਜਾਂ ਫਿਰ ਪੜ੍ਹਨ ਦਾ ਅਸਲ ਮਕਸਦ ਹੀ ਇਹ ਨਹੀਂ ਹੈ ਕਿ ਅਸੀਂ ਹਰ ਕਿਤਾਬ ਰਾਹੀਂ ਆਪਣੀ ਸੋਚ ਨੂੰ ਵਿਸ਼ਾਲ ਕਰੀਏ? ਅਸਲ ਗੱਲ ਇਹ ਹੈ ਕਿ ਕੋਈ ਵੀ ਕਿਤਾਬ ਸਿਰਫ਼ ਉਸ ਵੇਲੇ "ਵਧੀਆ" ਬਣਦੀ ਹੈ, ਜਦੋਂ ਉਹ

ਆਵਾਜ਼ਿ ਕੌਮ
AWAZE QAUM
International Newspaper & WEB TV

ਪਾਠਕ ਦੇ ਮਨ ਵਿੱਚ ਨਵੇਂ ਸਵਾਲ ਜਗਾਏ, ਉਸਨੂੰ ਸੋਚਣ 'ਤੇ ਮਜਬੂਰ ਕਰੇ ਜਾਂ ਉਸਦੀ ਸਮਝ ਨੂੰ ਇੱਕ ਕਦਮ ਅੱਗੇ ਵਧਾਏ।

ਇਸ ਲਈ ਕਿਤਾਬ ਦੀ ਚੋਣ ਦਾ ਸਭ ਤੋਂ ਵੱਡਾ ਮਾਪਦੰਡ ਕੋਈ ਬਾਹਰੀ ਸੂਚੀ ਜਾਂ ਰੇਟਿੰਗ ਨਹੀਂ, ਸਗੋਂ ਪਾਠਕ ਦੀ ਆਪਣੀ ਜਿਗਿਆਸਾ ਹੁੰਦੀ ਹੈ। ਬਹੁਤ ਸਾਰੇ ਪਾਠਕਾਂ ਨੇ ਦੱਸਿਆ ਹੈ ਕਿ ਉਹਨਾਂ ਨੇ ਪਹਿਲਾਂ ਸਧਾਰਣ ਨਾਵਲਾਂ ਨਾਲ ਪੜ੍ਹਨਾ ਸ਼ੁਰੂ ਕੀਤਾ, ਪਰ ਹੌਲੀ-ਹੌਲੀ ਉਹ ਦਰਸ਼ਿਨਕ, ਇਤਿਹਾਸਕ ਅਤੇ ਮਨੋਵਿਗਿਆਨਕ ਲਿਖਤਾਂ ਤੱਕ ਪਹੁੰਚ ਗਏ। ਇਸਦਾ ਮਤਲਬ ਇਹ ਹੈ ਕਿ ਪੜ੍ਹਨ ਦੀ ਯਾਤਰਾ ਸਧਾਰਣ ਤੋਂ ਡੂੰਘਾਈ ਵੱਲ ਖ਼ੁਦ ਹੀ ਵਿਕਸਿਤ ਹੁੰਦੀ ਹੈ।

ਇੱਥੇ ਇਹ ਗੱਲ ਵੀ ਸਮਝਣਯੋਗ ਹੈ ਕਿ ਪੜ੍ਹਨ ਦੀ ਇਹ ਯਾਤਰਾ ਕਿਸੇ ਇੱਕ ਦਿਨ ਦਾ ਫੈਸਲਾ ਨਹੀਂ ਹੁੰਦੀ, ਸਗੋਂ ਲਗਾਤਾਰ ਬਣਨ ਵਾਲੀ ਆਦਤ ਦਾ ਨਤੀਜਾ ਹੁੰਦੀ ਹੈ। ਅੱਜ ਦੇ ਡਿਜ਼ੀਟਲ ਯੁੱਗ ਵਿੱਚ ਭਾਵੇਂ ਅਸੀਂ ਈ-ਬੁੱਕਸ ਜਾਂ ਆਡੀਓ ਬੁੱਕਸ ਰਾਹੀਂ ਜਾਣਕਾਰੀ ਹਾਸਿਲ ਕਰ ਰਹੇ ਹਾਂ, ਪਰ ਪੰਨਿਆਂ ਦੀ ਖੜਕਾਹਟ ਅਤੇ ਕਾਗਜ਼ੀ ਕਿਤਾਬ ਦਾ ਠਹਿਰਾਓ ਅੱਜ ਵੀ ਮਨੁੱਖੀ ਮਨ ਨੂੰ ਡੂੰਘੀ ਇਕਾਗਰਤਾ ਬਖ਼ਸ਼ਦਾ ਹੈ। ਮਾਧਿਅਮ ਕੋਈ ਵੀ ਹੋਵੇ, ਮਕਸਦ ਸ਼ਬਦਾਂ ਨਾਲ ਜੁੜਨਾ ਅਤੇ ਉਨ੍ਹਾਂ ਨੂੰ ਜੀਵਨ ਵਿੱਚ ਉਤਾਰਨਾ ਹੋਣਾ ਚਾਹੀਦਾ ਹੈ।

ਜੇ ਸਮਾਂ ਘੱਟ ਹੈ ਤਾਂ ਵੀ ਕੁਝ ਸਰਲ ਤਰੀਕੇ ਸਾਡੀ ਮਦਦ ਕਰ ਸਕਦੇ ਹਨ। ਕਿਤਾਬ ਦਾ ਸਿਰਲੇਖ, ਲੇਖਕ ਦਾ ਪਿਛੋਕੜ, ਅੰਦਰੂਨੀ ਸੂਚੀ (ਤਤਕਰਾ), ਪਹਿਲੇ ਕੁਝ ਪੰਨੇ ਜਾਂ ਕਿਸੇ ਇੱਕ ਅਧਿਆਇ ਜਾਂ ਭਾਗ ਨੂੰ ਇਕ ਝਲਕ ਦੇਖਣਾ। ਇਹ ਸਾਰੇ ਇਸ਼ਾਰੇ ਦੱਸ ਦਿੰਦੇ ਹਨ ਕਿ ਇਹ ਲਿਖਤ ਸਾਡੇ ਮਨ ਨਾਲ ਗੱਲ ਕਰਦੀ ਹੈ ਜਾਂ ਨਹੀਂ। ਪਰ ਇਸ ਤੋਂ ਵੀ ਵੱਡੀ ਗੱਲ ਇਹ ਹੈ ਕਿ ਪੜ੍ਹਨ ਦੀ ਆਦਤ ਨੂੰ "ਸਿਰਫ਼ ਚੁਣੀ ਹੋਈਆਂ ਵਧੀਆ ਕਿਤਾਬਾਂ" ਤੱਕ ਸੀਮਿਤ ਨਾ ਕੀਤਾ ਜਾਵੇ। ਕਿਉਂਕਿ ਅਕਸਰ ਇੱਕ ਆਮ





ਜਿਹੀ ਲੱਗਣ ਵਾਲੀ ਕਿਤਾਬ ਮਨੁੱਖ ਦੀ ਸੋਚ ਵਿੱਚ ਸਭ ਤੋਂ ਵੱਡਾ ਬਦਲਾਅ ਲਿਆ ਸਕਦੀ ਹੈ।

ਇਨਾਂ ਗੱਲਾਂ ਨੂੰ ਸਰਲਤਾ ਅਤੇ ਤਰਕਸ਼ੀਲਤਾ ਨਾਲ ਇੱਕ ਛੋਟੇ ਤਿੰਨ-ਕਦਮੀ ਤਰੀਕੇ ਨਾਲ ਵੀ ਸਮਝਿਆ ਜਾ ਸਕਦਾ ਹੈ:

1 ਆਪਣੀ ਰੁਚੀ ਅਤੇ ਮਕਸਦ ਨੂੰ ਸਮਝੋ: (ਕੀ ਸਿੱਖਣਾ ਹੈ)।

2 ਕਿਤਾਬ ਦੀ ਝਲਕ ਦੇਖੋ: (ਸਿਰਲੇਖ, ਤਤਕਰਾ, ਪਹਿਲੇ ਪੰਨੇ)।

3 ਸੰਵਾਦ ਪਹਿਚਾਣੋ: 04 ਜਾਂ 05 ਪੰਨੇ ਪੜ੍ਹ ਕੇ ਫੈਸਲਾ ਕਰੋ ਕਿ ਕੀ ਇਹ ਲਿਖਤ ਤੁਹਾਡੇ ਨਾਲ ਸੰਵਾਦ ਕਰ ਰਹੀ ਹੈ ਜਾਂ ਨਹੀਂ।

ਇਸ ਪ੍ਰਸ਼ਨ ਨੂੰ ਜੇ ਹੋਰ ਡੂੰਘਾਈ ਨਾਲ ਵੇਖੀਏ ਤਾਂ ਇਹ ਸਿਰਫ਼ ਚੋਣ ਦਾ ਨਹੀਂ, ਸਗੋਂ ਮਨੁੱਖੀ ਮਨ ਦੀ ਬਣਤਰ ਦਾ ਸਵਾਲ ਹੈ। ਮਨੋਵਿਗਿਆਨ ਦੱਸਦਾ ਹੈ ਕਿ ਮਨੁੱਖ ਉਹੀ ਚੀਜ਼ ਵਧੀਆ ਮੰਨਦਾ ਹੈ ਜੋ ਉਸਦੀ ਅੰਦਰੂਨੀ ਅਵਸਥਾ ਨਾਲ ਮੇਲ ਖਾਂਦੀ ਹੋਵੇ। ਇਸ ਲਈ ਇੱਕ ਹੀ ਕਿਤਾਬ ਕਿਸੇ ਇੱਕ ਮਨੁੱਖ ਲਈ ਜੀਵਨ-ਬਦਲਣ ਵਾਲੀ ਹੋ ਸਕਦੀ ਹੈ, ਜਦਕਿ ਦੂਜੇ ਲਈ ਉਹ ਸਧਾਰਨ ਰਹਿ ਜਾਂਦੀ ਹੈ।

ਇਸ ਕਰਕੇ "ਵਧੀਆ ਕਿਤਾਬ" ਇੱਕ ਅਸਥਿਰ ਧਾਰਨਾ ਨਹੀਂ, ਸਗੋਂ ਇੱਕ ਜੀਵੰਤ ਅਨੁਭਵ ਹੈ ਜੋ ਪਾਠਕ ਦੇ ਮਨ ਨਾਲ ਬਦਲਦਾ ਰਹਿੰਦਾ ਹੈ। ਦਰਸ਼ਨ ਦੇ ਪੱਧਰ 'ਤੇ ਵੇਖੀਏ ਤਾਂ ਪੜ੍ਹਨਾ ਇੱਕ ਅਜਿਹਾ ਸੰਵਾਦ ਹੈ ਜਿੱਥੇ ਪਾਠਕ ਅਤੇ ਲੇਖਕ ਦੋ ਵੱਖ-ਵੱਖ ਸਮਿਆਂ ਅਤੇ ਸਥਾਨਾਂ ਤੋਂ ਮਿਲਦੇ ਹਨ। ਜਦੋਂ ਲੇਖਕ ਦਾ ਅਨੁਭਵ ਅਤੇ ਪਾਠਕ ਦੀ ਜਿਗਿਆਸਾ ਮਿਲਦੇ ਹਨ, ਉਦੋਂ ਹੀ ਗਿਆਨ ਜਨਮ ਲੈਂਦਾ ਹੈ।

ਵਿਗਿਆਨਕ ਕੋਣ ਤੋਂ "ਕੌਗਨਿਟਿਵ ਸਾਇੰਸ" ਦੱਸਦੀ ਹੈ ਕਿ ਪੜ੍ਹਨ ਦੀ ਪ੍ਰਕਿਰਿਆ ਸਾਡੇ ਦਿਮਾਗ ਦੇ ਕਈ ਹਿੱਸਿਆਂ ਨੂੰ ਇਕੱਠੇ ਸਰਗਰਮ ਕਰਦੀ ਹੈ। ਭਾਸ਼ਾ, ਯਾਦਸ਼ਕਤੀ, ਕਲਪਨਾ ਅਤੇ ਭਾਵਨਾਵਾਂ। ਇਸ ਲਈ ਜਿਹੜੀ ਕਿਤਾਬ ਸਾਨੂੰ ਅੰਦਰੋਂ ਛੂਹਦੀ ਹੈ, ਉਹ ਅਸਲ ਵਿੱਚ ਸਾਡੇ ਨਿਊਰਲ ਪੈਟਰਨ ਨਾਲ ਜੁੜਦੀ ਹੈ।

ਜੇ ਅਸੀਂ ਇਸ ਸਵਾਲ ਨੂੰ ਹੋਰ ਵੱਡੇ ਭੂਗੋਲਿਕ ਅਤੇ ਸਮਾਜਿਕ ਪ੍ਰਸੰਗ ਵਿੱਚ ਵੇਖੀਏ, ਤਾਂ ਪਤਾ ਲੱਗਦਾ ਹੈ ਕਿ ਪੜ੍ਹਨ ਦੀ ਆਦਤ ਸਿਰਫ਼ ਵਿਅਕਤੀਗਤ ਨਹੀਂ, ਸਗੋਂ ਪੂਰੇ ਸਮਾਜ ਦੀ ਬਣਤਰ ਨਾਲ ਜੁੜੀ ਹੁੰਦੀ ਹੈ। ਭਾਰਤ ਵਿੱਚ ਲਗਭਗ 20%-30% ਲੋਕ ਹੀ ਨਿਯਮਿਤ ਪਾਠਕ ਹਨ ਅਤੇ ਪਾਕਿਸਤਾਨ ਵਿੱਚ ਇਹ ਦਰ ਹੋਰ ਘੱਟ ਕੇ ਲਗਭਗ 5%-10% ਰਹਿ ਜਾਂਦੀ ਹੈ, ਜਦਕਿ ਬੰਗਲਾਦੇਸ਼ ਵਿੱਚ ਇਹ 10%-15% ਦੇ ਆਸਪਾਸ ਹੈ। ਇਹ ਅੰਕੜੇ ਦਰਸਾਉਂਦੇ ਹਨ ਕਿ ਸਾਡੇ ਖੇਤਰ ਵਿੱਚ ਪੜ੍ਹਨ ਦੀ ਸੰਸਕ੍ਰਿਤੀ ਅਜੇ ਵੀ ਵਿਕਾਸ ਦੇ ਪੜਾਅ ਵਿੱਚ ਹੈ।

ਇਸ ਸਥਿਤੀ ਦੇ ਪਿੱਛੇ ਸਾਡੀ ਸਿੱਖਿਆ ਪ੍ਰਣਾਲੀ ਅਤੇ ਡਿਜ਼ੀਟਲ ਮੀਡੀਆ ਦਾ ਪ੍ਰਭਾਵ ਮੁੱਖ ਕਾਰਨ ਹਨ। ਇਸ ਘਾਟ ਨੂੰ ਪੂਰਾ ਕਰਨ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਮੁੜ ਤੋਂ 'ਲਾਈਬ੍ਰੇਰੀ ਸੱਭਿਆਚਾਰ' ਨੂੰ ਸੁਰਜੀਤ ਕਰਨਾ ਅਤਿ ਜ਼ਰੂਰੀ ਹੈ। ਜਨਤਕ ਲਾਈਬ੍ਰੇਰੀਆਂ ਸਿਰਫ਼ ਇਮਾਰਤਾਂ ਨਹੀਂ ਹੁੰਦੀਆਂ, ਬਲਕਿ ਉਹ ਵਿਚਾਰਾਂ ਦੀਆਂ ਟਕਸਾਲਾਂ ਹੁੰਦੀਆਂ ਹਨ, ਜੋ ਸਥਾਨਕ ਪੱਧਰ 'ਤੇ ਪੜ੍ਹਨ ਦੀ ਲਹਿਰ ਪੈਦਾ ਕਰ ਸਕਦੀਆਂ ਹਨ।

ਫਿਨਲੈਂਡ ਅਤੇ ਜਪਾਨ ਵਰਗੇ ਦੇਸ਼ਾਂ ਵਿੱਚ ਪੜ੍ਹਨ ਨੂੰ ਜੀਵਨ ਦੀ ਆਧਾਰਭੂਤ ਆਦਤ ਮੰਨਿਆ ਜਾਂਦਾ ਹੈ, ਜੋ ਉਨ੍ਹਾਂ ਦੀ ਸਿੱਖਿਆ ਅਤੇ ਨਵੀਨਤਾ ਦੀ ਉੱਚ ਦਰ ਨੂੰ ਵੀ ਦਰਸਾਉਂਦੀ ਹੈ। ਇਹ ਜਾਣਕਾਰੀ ਸਾਨੂੰ 'ਕਿਹੜੀ ਕਿਤਾਬ ਵਧੀਆ ਹੈ' ਦੇ ਸਵਾਲ ਤੋਂ ਬਾਹਰ ਕੱਢ ਕੇ 'ਅਸੀਂ ਪੜ੍ਹਨ ਵਾਲਾ ਸਮਾਜ ਕਿਵੇਂ ਬਣੀਏ' ਦੀ ਡੂੰਘੀ ਚਿੰਤਨ ਵੱਲ ਲੈ ਕੇ ਜਾਂਦੀ ਹੈ।

ਜਦੋਂ ਪੜ੍ਹਨ ਦੀ ਆਦਤ ਬਣਦੀ ਹੈ, ਤਾਂ ਚੰਗੀਆਂ ਕਿਤਾਬਾਂ ਦੀ ਪਹਿਚਾਣ ਆਪਣੇ ਆਪ ਹੋ ਜਾਂਦੀ ਹੈ। ਇਕ ਕਿਤਾਬ ਦੂਜੀ ਕਿਤਾਬ ਵੱਲ ਲੈ ਜਾਂਦੀ ਹੈ। ਇਦਾਂ ਸਫ਼ਰ ਸ਼ੁਰੂ ਹੋ ਜਾਂਦਾ ਹੈ ਅਤੇ ਇਹੀ ਲੜੀ ਮਨੁੱਖ ਨੂੰ ਇੱਕ ਆਮ ਪਾਠਕ ਤੋਂ ਸੋਚਵਾਨ ਵਿਅਕਤੀ, ਵਿਚਾਰਕ, ਚਿੰਤਕ, ਦਾਰਸ਼ਿਨਕ ਵਿੱਚ ਬਦਲ ਦਿੰਦੀ ਹੈ।



"ਕਿਤਾਬਾਂ ਸਾਡੇ ਲਈ ਸਿਰਫ਼ ਜਵਾਬ ਨਹੀਂ ਲਿਆਉਂਦੀਆਂ, ਸਗੋਂ ਉਹ ਸਾਡੇ ਅੰਦਰ ਉਹ ਸਵਾਲ ਜਗਾਉਂਦੀਆਂ ਹਨ ਜੋ ਸਾਨੂੰ ਆਪਣੇ ਆਪ ਨੂੰ ਸਮਝਣ ਦੇ ਰਾਹ 'ਤੇ ਲੈ ਜਾਂਦੇ ਹਨ ਅਤੇ ਸ਼ਾਇਦ ਇਹੀ ਪੜ੍ਹਨ ਦਾ ਅਸਲ ਮਕਸਦ ਹੈ।"

-ਗੁਰਪ੍ਰੀਤ ਸਿੰਘ ਬਿਲਿੰਗ
ਮੋਬਾਇਲ: 75086-98066



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

• ਜੋਤੀ ਜੋਤ : ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ • ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ • ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਸ਼੍ਰੀ ਗੁਰੂ ਹਰਿ ਰਾਏ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਸਮੇਤ ਜੁਪਜੀ ਸਾਹਿਬ ਦੀ ਸੇਵਾ ਗੁਰ ਸਿੱਖ ਪ੍ਰਵਾਰ ਭਾਈ ਏਕਮ ਸਿੰਘ ਵੱਲੋਂ ਲਈ ਗਈ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਸ਼ੁੱਕਰਵਾਰ 10:30 ਵਜੇ ਹੋਵੇਗੀ ਅਤੇ ਐਤਵਾਰ 10:30 ਵਜੇ ਭੋਗ ਪੈਣਗੇ • ਸ਼ਨਿੱਚਰਵਾਰ 21 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 22 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਭਾਈ ਗੁਰਮੀਤ ਸਿੰਘ ਬਰੇਸ਼ੀਆ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਰਿਜ਼ਰਵ ਬੈਂਕ ਦੇ ਗਵਰਨਰ ਤਖ਼ਤ ਪਟਨਾ ਸਾਹਿਬ ਹੋਏ ਨਤਮਸਤਕ



ਨਵੀਂ ਦਿੱਲੀ, 20 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਭਾਰਤੀ ਰਿਜ਼ਰਵ ਬੈਂਕ ਦੇ ਗਵਰਨਰ ਸੰਜੈ ਮਲਹੋਤਰਾ ਤਖ਼ਤ ਪਟਨਾ ਸਾਹਿਬ ਨਤਮਸਤਕ ਹੋਏ। ਤਖ਼ਤ ਸਾਹਿਬ ਦੇ ਗ੍ਰੰਥੀ ਜਸਵੰਤ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾ ਭੇਟ ਕੀਤਾ ਗਿਆ। ਇਸ ਮੌਕੇ ਤੇ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਉਪ ਪ੍ਰਧਾਨ ਗੁਰਵਿੰਦਰ ਸਿੰਘ, ਮੀਡੀਆ ਪ੍ਰਭਾਰੀ ਸੁਦੀਪ ਸਿੰਘ, ਹਰਕੀਰਤ ਸਿੰਘ ਸੋਹੀ, ਸੁਪਰਿੰਟੈਂਡੈਂਟ ਦਲਜੀਤ ਸਿੰਘ, ਮੈਨੇਜਰ ਹਰਜੀਤ ਸਿੰਘ ਅਤੇ ਅਕਾਊਂਟ ਮੈਨੇਜਰ ਦਵਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ। ਤਖ਼ਤ ਸਾਹਿਬ ਵੱਲੋਂ ਹਰ ਮਹੀਨੇ ਪ੍ਰਕਾਸ਼ਿਤ ਹੋਣ ਵਾਲੀ ਗੋਬਿੰਦ ਪ੍ਰਕਾਸ਼ ਮੈਗਜ਼ੀਨ ਦੇ ਮਾਰਚ ਮਹੀਨੇ ਦੀ ਕਾਪੀ ਦਾ ਵਿਮੋਚਨ ਵੀ ਗਵਰਨਰ ਸਾਹਿਬ ਵੱਲੋਂ ਕੀਤਾ ਗਿਆ। ਗੋਬਿੰਦ ਪ੍ਰਕਾਸ਼ ਮੈਗਜ਼ੀਨ ਹਿੰਦੀ, ਅੰਗਰੇਜ਼ੀ ਅਤੇ ਪੰਜਾਬੀ ਭਾਸ਼ਾਵਾਂ ਵਿੱਚ ਪ੍ਰਕਾਸ਼ਿਤ ਕੀਤੀ ਜਾਂਦੀ ਹੈ ਅਤੇ ਇਸਨੂੰ ਮੁਫ਼ਤ ਵੰਡਿਆ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਕਮੇਟੀ ਦਾ ਮਕਸਦ ਮੈਗਜ਼ੀਨ ਕੱਢਣ ਦਾ ਇਹ ਹੈ ਕਿ ਇਸ ਰਾਹੀਂ ਦੇਸ਼-ਵਿਦੇਸ਼ ਵਿੱਚ ਬੈਠੀ ਸੰਗਤ ਨੂੰ ਤਖ਼ਤ ਸਾਹਿਬ ਵਿੱਚ ਹੋਣ ਵਾਲੀਆਂ ਗਤੀਵਿਧੀਆਂ ਦੀ ਜਾਣਕਾਰੀ ਮਿਲ ਸਕੇ ਅਤੇ ਇਸ ਵਿੱਚ ਪ੍ਰਕਾਸ਼ਿਤ ਧਾਰਮਿਕ ਲੇਖਾਂ ਰਾਹੀਂ ਸੰਗਤ, ਖ਼ਾਸ ਕਰਕੇ ਨੌਜਵਾਨ ਵਰਗ ਨੂੰ ਗੁਰੂ ਇਤਿਹਾਸ ਅਤੇ ਧਰਮ ਬਾਰੇ ਜਾਣਕਾਰੀ ਪ੍ਰਾਪਤ ਹੋਵੇ। ਗੁਰਵਿੰਦਰ ਸਿੰਘ ਨੇ ਦੱਸਿਆ ਕਿ ਗਵਰਨਰ ਸਾਹਿਬ ਨੂੰ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਜੋੜਾ ਸਾਹਿਬ ਦੇ ਦਰਸ਼ਨ ਵੀ ਕਰਵਾਏ ਗਏ। ਗਵਰਨਰ ਸੰਜੈ ਮਲਹੋਤਰਾ ਨੇ ਕਿਹਾ ਕਿ ਉਨ੍ਹਾਂ ਦੀ ਕਾਫੀ ਸਮੇਂ ਤੋਂ ਇੱਛਾ ਸੀ ਕਿ ਗੁਰੂ ਮਹਾਰਾਜ ਦੇ ਜਨਮ ਸਥਾਨ ਤਖ਼ਤ ਪਟਨਾ ਸਾਹਿਬ ਦੇ ਦਰਸ਼ਨ ਕਰਨ ਅਤੇ ਅੱਜ ਉਹ ਪੂਰੀ ਹੋਈ, ਜਿਸ ਲਈ ਉਹ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਦੇ ਹਨ।

## ਬੇਅਦਬੀ ਮਾਮਲਿਆਂ ਨੂੰ ਲੈ ਕੇ ਸਰਕਾਰ ਹੋਵੇ ਸੰਜੀਦਾ- ਐਡਵੋਕੇਟ ਧਾਮੀ

# ਪੰਜਾਬ ਸਰਕਾਰ ਤੋਂ ਮੰਗੀਆਂ ਜਾਣਕਾਰੀਆਂ ਮੁਹੱਈਆ ਨਾ ਕਰਵਾਉਣ 'ਤੇ ਚੁੱਕੇ ਸਵਾਲ



**ਨਵੀਂ ਦਿੱਲੀ, 20 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ 'ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025' ਸਬੰਧੀ ਸ਼੍ਰੋਮਣੀ ਕਮੇਟੀ ਦੁਆਰਾ ਪੰਜਾਬ ਸਰਕਾਰ ਤੋਂ ਮੰਗੀਆਂ ਜਾਣਕਾਰੀਆਂ ਮੁਹੱਈਆ ਨਾ ਕਰਵਾਉਣ 'ਤੇ ਸਵਾਲ ਚੁੱਕੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਵੇਂ ਹਰ ਧਰਮ ਦੇ ਧਾਰਮਿਕ ਗ੍ਰੰਥ ਸਤਿਕਾਰਯੋਗ ਹਨ, ਪਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖਾਂ ਲਈ ਜਾਗਤ ਜੋਤਿ ਗੁਰੂ ਹਨ। ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਬੰਧੀ ਵਿਸ਼ੇਸ਼ ਕਾਨੂੰਨੀ ਪ੍ਰਬੰਧ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਕਾਨੂੰਨ ਤਹਿਤ ਚੱਲ ਰਹੇ ਬੇਅਦਬੀ ਦੇ ਕੇਸਾਂ ਵਿਚ ਵੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਯਕੀਨੀ ਹੋਣੀਆਂ ਚਾਹੀਦੀਆਂ ਹਨ, ਨਾ ਕਿ ਇਹ ਕੇਵਲ ਸਿਆਸੀ ਮੁੱਦਾ ਬਣ ਕੇ ਰਹੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵੱਲੋਂ 'ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025' ਲਿਆਂਦਾ ਗਿਆ, ਪਰੰਤੂ ਸਰਕਾਰ ਦੀ ਇਸ ਸਬੰਧੀ ਹੁਣ ਤਕ ਦੀ ਪਹੁੰਚ ਨਿਰਾਸ਼ਾਜਨਕ ਹੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਗਠਤ ਸਲੈਕਟ ਕਮੇਟੀ ਨੇ ਸ਼੍ਰੋਮਣੀ ਕਮੇਟੀ ਪਾਸੋਂ ਇਸ ਬਿੱਲ ਸਬੰਧੀ ਸੁਝਾਅ ਮੰਗੇ ਸਨ, ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ 15 ਮੈਂਬਰੀ ਉੱਚ ਪੱਧਰੀ ਕਮੇਟੀ ਗਠਤ ਕੀਤੀ ਸੀ। ਉਨ੍ਹਾਂ ਦੱਸਿਆ ਕਿ ਇਸ ਕਮੇਟੀ ਦੀਆਂ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਦੌਰਾਨ ਗੰਭੀਰ ਵਿਚਾਰ-ਵਟਾਂਦਰੇ ਤੋਂ ਬਾਅਦ ਸਲੈਕਟ ਕਮੇਟੀ ਤੋਂ ਕੁਝ ਜ਼ਰੂਰੀ ਜਾਣਕਾਰੀਆਂ ਦੀ ਮੰਗ ਕੀਤੀ ਸੀ, ਜਿਸ ਪ੍ਰਤੀ ਸਰਕਾਰ ਦੀ ਸਲੈਕਟ ਕਮੇਟੀ ਨੇ ਅਜੇ ਤੱਕ ਕੋਈ ਹਾਂ-ਪੱਖੀ ਹੁੰਗਾਰਾ ਨਹੀਂ ਭਰਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਆਪਣੇ ਸੁਝਾਅ ਅਤੇ ਰਾਏ ਰਿਪੋਰਟ ਜ਼ਰੂਰੀ ਜਾਣਕਾਰੀਆਂ ਮਿਲਣ ਬਾਅਦ ਹੀ ਦੇ ਸਕਦੀ ਹੈ, ਲੇਕਿਨ ਸਰਕਾਰ ਇਸ ਨੂੰ ਬਹੁਤੀ ਗੰਭੀਰਤਾ ਨਾਲ ਨਹੀਂ ਲੈ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਵਿੱਤਰ ਧਾਰਮਿਕ ਗ੍ਰੰਥਾਂ ਵਿੱਚੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਵਡਿਆਈ ਜਾਗਤ ਜੋਤ ਅਤੇ ਹਾਜ਼ਰ ਨਾਜ਼ਰ ਸਤਿਗੁਰੂ ਵਜੋਂ ਹੈ, ਜਿਸ ਲਈ ਉਕਤ ਬਿੱਲ ਸਬੰਧੀ ਇਹ ਪੱਖ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਲੈਕਟ ਕਮੇਟੀ ਨੂੰ ਸੁਝਾਅ ਹਰ ਪੱਖ ਨੂੰ ਮੁਕੰਮਲ ਘੋਖ ਕੇ ਹੀ ਦਿੱਤੇ ਜਾ ਸਕਣੇ ਹਨ, ਇਸ ਲਈ ਇਹ ਜ਼ਰੂਰੀ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਸਰਕਾਰ ਮੰਗੀਆਂ ਜਾਣਕਾਰੀਆਂ ਦੇਵੇ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਕਈ ਪੱਤ੍ਰਿਕਾਵਾਂ ਲਿਖ ਕੇ ਰਿਕਾਰਡ ਅਤੇ ਜਾਣਕਾਰੀਆਂ ਦੀ ਮੰਗ ਕੀਤੇ ਜਾਣ ਦੇ ਬਾਵਜੂਦ ਵੀ ਸਰਕਾਰ ਦੀ ਸਲੈਕਟ ਕਮੇਟੀ ਵੱਲੋਂ ਜਾਣਬੁਝ ਕੇ ਮੁਹੱਈਆ ਨਾ ਕਰਵਾਉਣਾ ਬਹੁਤ ਹੀ ਮੰਦਭਾਗਾ, ਪੱਖਪਾਤੀ ਅਤੇ ਰਾਜਸੀ ਹਿੱਤਾਂ ਵਾਲਾ ਸਾਬਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਾਬਤ ਹੋ ਰਿਹਾ ਹੈ ਕਿ ਸਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਸੁਝਾਅ ਦੇਣ ਲਈ ਜਾਰੀ ਕੀਤਾ ਗਿਆ ਪੱਤਰ ਮਹਿਜ ਇਕ ਵਿਖਾਵਾ ਹੈ, ਇਸ ਤੋਂ ਇਲਾਵਾ ਇਸ ਵਿਚ ਕੋਈ ਸੰਜੀਦਗੀ ਦੀ ਭਾਵਨਾ ਨਹੀਂ ਹੈ। ਐਡਵੋਕੇਟ ਧਾਮੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਸ਼੍ਰੋਮਣੀ ਕਮੇਟੀ ਵੱਲੋਂ ਮੰਗੀਆਂ ਜਾਣਕਾਰੀਆਂ ਸਰਕਾਰ ਮੁਹੱਈਆ ਨਹੀਂ ਕਰਵਾਉਂਦੀ ਤਾਂ ਇਹ ਸਮਝਿਆ ਜਾਵੇਗਾ ਕਿ ਸਰਕਾਰ ਇਸ ਬਿੱਲ ਪ੍ਰਤੀ ਗੰਭੀਰ ਨਹੀਂ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਸਬੰਧੀ ਕਾਨੂੰਨ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਵੱਲੋਂ ਸਮਾਣਾ ਵਿਖੇ ਸੰਘਰਸ਼ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪਹਿਲੇ ਦਿਨ ਤੋਂ ਹੀ ਇਸ ਸੰਘਰਸ਼ ਨੂੰ ਪੂਰਨ ਤੌਰ 'ਤੇ ਹਮਾਇਤ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ ਦੇ ਮਾਮਲੇ 'ਤੇ ਕਿਸੇ ਵੀ ਧਿਰ ਨੂੰ ਸਿਆਸਤ ਨਹੀਂ ਕਰਨੀ ਚਾਹੀਦੀ, ਸਗੋਂ ਇਸ ਸੰਜੀਦਾ ਮਾਮਲੇ ਸਬੰਧੀ ਸਿਰ ਜੋੜ ਖੜ੍ਹਨਾ ਚਾਹੀਦਾ ਹੈ।

## ਬਲਾਕ ਸੰਮਤੀ ਚੇਅਰਮੈਨ ਦੀ ਚੋਣ ਮੌਕੇ

# ਆਪ ਤੇ ਕਾਂਗਰਸ ਦੀ ਬਿੱਲੀ ਥੈਲਿਓਂ ਬਾਹਰ ਆਈ : ਐੱਸ.ਆਰ.ਕਲੇਰ



**ਜਗਰਾਉ (ਵਰਿਆਮ ਹਠੂਰ)**-ਬਲਾਕ ਸੰਮਤੀ ਦੇ ਚੇਅਰਮੈਨ ਦੀ ਚੋਣ ਮੌਕੇ ਸੱਤਾਧਾਰੀ ਧਿਰ ਅਤੇ ਕਾਂਗਰਸ ਦੀ ਸਿਆਸੀ ਖੇਡ ਨੇ ਦੋਵੇਂ ਰਾਜਨੀਤਕ ਪਾਰਟੀਆਂ ਦੇ ਘਿਓ ਖਿਚੜੀ ਹੋਣ ਦਾ ਸਬੂਤ ਪੇਸ਼ ਕੀਤਾ ਹੈ, ਇਹ ਕਹਿਣਾ ਹੈ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ੍ਰੀ ਐਸ.ਆਰ.ਕਲੇਰ ਦਾ, ਕਲੇਰ ਨੇ ਆਖਿਆ ਕਿ ਕਾਂਗਰਸ ਨੇ ਬਹੁਮੱਤ ਹੋਣ ਦੇ ਬਾਵਜੂਦ ਵੀ ਜਾਣਬੁੱਝ ਕੇ ਆਪਣਾ ਚੇਅਰਮੈਨ ਬਣਾਉਣ ਦੀ ਕੋਸ਼ਿਸ਼ ਨਹੀ ਕੀਤੀ ਸਗੋਂ ਸੱਤਾਧਾਰੀ ਧਿਰ ਅੱਗੇ ਗੋਡੇ ਟੇਕ ਦਿੱਤੇ, ਕਲੇਰ ਨੇ ਆਖਿਆ ਕਿ ਕਾਂਗਰਸ ਵੱਲੋਂ ਹਮਾਇਤ ਲਈ ਉਨ੍ਹਾਂ ਤੱਕ ਪਹੁੰਚ ਕੀਤੀ ਗਈ ਸੀ ਪ੍ਰੰਤੂ ਅਕਾਲੀ ਦਲ ਵਲੋਂ ਕਿਸੇ ਵੀ ਧਿਰ ਨਾਲ ਨਾਂ ਖੜਨ ਦੇ ਫੈਸਲੇ ਤੋਂ ਬਾਅਦ ਜਦੋਂ ਕਾਂਗਰਸ ਨੂੰ ਆਪਣੇ ਕੁਝ ਬਲਾਕ ਸੰਮਤੀ ਮੈਬਰਾਂ ਦੇ ਆਪ ਵੱਲ ਟੁੱਟਕੇ ਜਾਣ ਦੀ ਭਿਣਕ ਪਈ ਤਾਂ ਕਾਂਗਰਸ ਨੇ ਆਪਣਾ ਵਜੂਦ ਬਚਾਉਣ ਲਈ ਇਹ ਖੇਡ ਖੇਡੀ ਤੇ ਵਾਈਸ ਚੇਅਰਮੈਨ ਨਾਲ ਸਬਰ ਕਰ ਲਿਆ, ਉਨ੍ਹਾਂ ਕਿਹਾ ਕਿ ਜੇਕਰ ਅਕਾਲੀ ਦਲ ਨੇ ਆਪ ਨੂੰ ਸਮੱਰਥਨ ਦੇਣਾ ਹੁੰਦਾ ਤਾਂ ਉਨ੍ਹਾਂ ਦੀ ਪਾਰਟੀ ਦਾ ਚੇਅਰਮੈਨ ਜਾਂ ਵਾਇਸ ਚੇਅਰਮੈਨ ਬਣਾਉਣ 'ਤੇ ਸਹਿਮਤੀ ਹੋਣੀ ਸੀ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਉਮੀਦਵਾਰਾਂ ਨੂੰ ਕਾਂਗਰਸ ਅਤੇ ਆਪ ਦੋਵਾਂ ਧਿਰਾਂ 'ਚੋਂ ਕਿਸੇ ਇਕ ਧਿਰ ਦਾ ਸਮੱਰਥਨ ਦੇਣ ਸਬੰਧੀ ਕੋਈ ਹਦਾਇਤ ਨਹੀ ਦਿੱਤੀ ਗਈ। ਜਦੋਂ ਉਨ੍ਹਾਂ ਨੂੰ ਅਕਾਲੀ ਦਲ ਦੇ ਦੋ ਮੈਬਰਾਂ ਵੱਲੋਂ ਸੱਤਾਧਾਰੀ ਧਿਰ ਦੀ ਹਮਾਇਤ ਕਰਨ ਬਾਰੇ ਸਵਾਲ ਕੀਤਾ ਤਾਂ ਉਨ੍ਹਾਂ ਕਿਹਾ ਕਿ ਜਿਸ ਵੀ ਕਿਸੇ ਮੈਬਰ ਵੱਲੋਂ ਪਾਰਟੀ ਵਿਰੋਧੀ ਗਤੀਵਿਧੀਆਂ ਨੂੰ ਅੰਜਾਮ ਦਿਤਾ ਗਿਆ ਉਸ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਦੀ ਜਾਵੇਗੀ।

# ਝੂਠੀ ਤਾਕਤ ਅਤੇ ਲਾਲਚ 'ਚ ਅੰਨ੍ਹੇ ਹੋਏ ਦਿੱਲੀ ਕਮੇਟੀ ਪ੍ਰਬੰਧਕਾਂ ਕੋਲੋਂ ਗੁਰੂਘਰ ਅਜ਼ਾਦ ਕਰਾਉਣ ਲਈ ਗੁਰਦੁਆਰਾ ਸੁਧਾਰ ਲਹਿਰ ਸ਼ੁਰੂ ਕਰਨ ਦੀ ਅਤਿਅੰਤ ਲੋੜ : ਸ਼ੰਟੀ



**ਨਵੀਂ ਦਿੱਲੀ 20 ਮਾਰਚ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੀ ਮੌਜੂਦਾ ਪ੍ਰਬੰਧਕੀ ਅਧੀਨ ਜਦੋ ਤੋਂ ਇੰਨ੍ਹਾ ਕਮੇਟੀ ਦਾ ਪ੍ਰਬੰਧ ਸੰਭਾਲਿਆ ਹੈ ਪੰਥ ਨੂੰ ਵਡੀ ਨਮੋਸ਼ੀਆਂ ਦਾ ਸਾਹਮਣਾ ਕਰਣਾ ਪੈ ਰਿਹਾ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਅਤੇ ਬੁਲਾਰੇ ਸਰਦਾਰ ਗੁਰਮੀਤ ਸਿੰਘ ਸ਼ੰਟੀ ਨੇ ਕਿਹਾ ਬੀਤੇ ਕੁਝ ਦਿਨ ਪਹਿਲਾਂ ਹੀ ਇਕ ਪ੍ਰਚਾਰਕ ਦੀਆਂ ਅਸ਼ਲੀਲ ਵੀਡੀਓ ਵਾਇਰਲ ਹੋਈਆਂ ਸੀ ਤੇ ਹਾਲੇ ਓਸ ਖ਼ਬਰ ਦੀ ਸਿਆਹੀ ਹੱਟੀ ਨਹੀਂ ਹੈ ਬੀਤੇ ਕਲ ਸੋਨੇ ਤੇ ਸੁਹਾਗਾ ਹੁੰਦਿਆਂ ਇਕ ਹੋਰ ਮੁਲਾਜਮ ਦੀਆਂ ਵੀਡੀਓ ਵਾਇਰਲ ਹੋ ਗਈਆਂ ਹਨ। ਉਨ੍ਹਾਂ ਕਿਹਾ ਵਾਇਰਲ ਹੋ ਰਹੀਆਂ ਵੀਡੀਓ ਨੇ ਪੰਥ ਨੂੰ ਇਹ ਸੋਚਣ ਲਈ ਮਜਬੂਰ ਕਰ ਦਿੱਤਾ ਹੈ ਕਿ ਮੌਜੂਦਾ ਪ੍ਰਬੰਧਕੀ ਹੇਠ ਕਿਸ ਤਰ੍ਹਾਂ ਦਾ ਪ੍ਰਚਾਰ ਕੀਤਾ ਜਾ ਕਰਵਾਇਆ ਜਾ ਰਿਹਾ ਹੈ ਕਿਉਕਿ ਬੀਤੇ ਸਾਲ ਵੀ ਇਸੇ ਤਰ੍ਹਾਂ ਦੇ ਕੁਝ ਕਿੱਸੇ ਦੇਖਣ ਸੁਣਨ ਨੂੰ ਮਿਲੇ ਸਨ। ਉਨ੍ਹਾਂ ਕਮੇਟੀ ਪ੍ਰਬੰਧਕਾਂ ਨੂੰ ਪੁੱਛਿਆ ਕਿ ਇਕ ਪਾਸੇ ਤੁਸੀਂ ਖਾਲਸਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਸਮਾਗਮ ਕਰਵਾਣ ਜਾ ਰਹੇ ਹੋ ਜਿਸਦਾ ਜਮੀਨੀ ਤੌਰ ਤੇ ਪ੍ਰਚਾਰ ਕਿੱਥੇ ਵੀ ਨਜ਼ਰ ਨਹੀਂ ਪੈ ਰਿਹਾ ਪਰ ਇਸਦੇ ਉਲਟ ਤੁਹਾਡੇ ਵਲੋਂ ਗੋਲਕ ਨਾਲ ਲੁਟ ਖਸੁਟ ਕਰਦਿਆਂ ਤੁਹਾਡੀਆਂ ਫੋਟੋਆਂ ਦੇ ਵੱਡੇ ਵੱਡੇ ਬੋਰਡ ਜਰੂਰ ਨਜਰੀ ਪੈ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ਮੁੱਖਾਤਬਿਕ ਹੁੰਦਿਆਂ ਕਿਹਾ ਸਿੱਖੀ ਸਰੂਪ 'ਚ ਹੀ ਵਿਚਰ ਰਹੇ ਇੰਨ੍ਹਾ ਅਖੌਤੀ ਪੰਥਕ ਹਿਤੈਸ਼ੀਆਂ ਨੇ ਗੁਰੂਘਰਾਂ ਤੇ ਕਬਜ਼ਾ ਕਰ ਲਿਆ ਹੈ, ਜਿਨ੍ਹਾਂ ਦਾ ਮੁੱਖ ਮਕਸਦ ਸਿੱਖੀ ਨੂੰ ਢਾਹ ਲਾਉਣ ਵਾਲੀਆਂ ਫਿਰਕੂ ਸ਼ਖਸ਼ੀਅਤਾਂ ਨਾਲ ਮਿਲ, ਸਿੱਖ ਕੌਮ ਦੀਆਂ ਜੜਾਂ 'ਚ ਤੇਲ ਦੇਣਾ ਹੈ। ਝੂਠੀ ਤਾਕਤ ਅਤੇ ਲਾਲਚ 'ਚ ਅੰਨ੍ਹੇ ਹੋਏ ਅਜਿਹੇ ਵਿਕਾਊ ਪੰਥ ਦੋਖੀਆਂ ਦੇ ਗ਼ਲਬੇ ਹੇਠੋਂ ਗੁਰ ਅਸਥਾਨਾਂ ਨੂੰ ਅਜ਼ਾਦ ਕਰਾ, ਗੁਰਦੁਆਰਿਆਂ ਨੂੰ ਅਸਲ ਵਿੱਚ ਭਗਤੀ, ਪ੍ਰਚਾਰ ਅਤੇ ਅਮਲੀ ਜੀਵਨ ਜਾਚ ਦੇ ਸੋਮੇ ਬਣਾਉਣ ਲਈ ਸਾਨੂੰ ਫੋਰੀ ਤੌਰ 'ਤੇ ਇੱਕ ਗੁਰਦੁਆਰਾ ਪ੍ਰੋਗਰਾਮ ਸੁਧਾਰ ਲਹਿਰ ਸ਼ੁਰੂ ਕਰਨ ਦੀ ਅਤਿਅੰਤ ਲੋੜ ਹੈ।

# ਮੱਤੇਵਾੜਾ ਵਿਖੇ ਵਾਰਿਸ ਪੰਜਾਬ ਦੀ ਪੰਥਕ ਕਾਨਫਰੰਸ ਇਤਿਹਾਸਿਕ ਹੋਵੇਗੀ ਬਿੱਟੂ ਹਾਜੀ ਚੌਹਾਨ ਮਲੇਰਕੋਟਲਾ



ਸੰਗਾਲਾ (ਰਣਜੀਤ ਸਿੰਘ ਪੇਧਨੀ) ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਪੰਜਾਬ ਅਤੇ ਸਰਬੱਤ ਦੇ ਭਲੇ ਦੇ ਲਈ ਮਾਲਵਾ ਪੰਥਕ ਕਾਨਫਰੰਸ ਲੁਧਿਆਣਾ ਦੇ ਮੱਤੇਵਾੜਾ ਵਿਖੇ 22 ਮਾਰਚ ਨੂੰ ਕਰਵਾਈ ਜਾ ਰਹੀ ਹੈ। ਜਿਸ ਵਿੱਚ ਪੰਜਾਬ ਦੇ ਨੌਜਵਾਨ ਇਸ ਕਾਨਫਰੰਸ ਵਿੱਚ ਪੰਜਾਬ ਦੇ ਵੱਖ-ਵੱਖ ਕੋਨਿਆਂ ਚੋਂ ਵੱਧ ਚੜ੍ਹ ਕੇ ਹਿੱਸਾ ਲੈ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਸੋਚ ਤੇ ਪਹਿਰਾ ਦੇ ਕੇ ਪੰਜਾਬ ਅਤੇ ਪੰਜਾਬੀਅਤ ਦੀ ਆਵਾਜ਼ ਨੂੰ ਬੁਲੰਦ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਹਾਜੀ ਬਿੱਟੂ ਚੌਹਾਨ ਮਾਲੇਰਕੋਟਲਾ ਨੇ ਕੀਤਾ। ਉਹਨਾਂ ਕਿਹਾ ਕਿ ਇਸ ਕਾਨਫਰੰਸ ਨੂੰ ਹੋਰਨਾਂ ਤੋਂ ਇਲਾਵਾ ਬਾਪੂ ਤਰਸੇਮ ਸਿੰਘ ਖਾਲਸਾ, ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਅਤੇ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਇਸ ਕਾਨਫਰੰਸ ਨੂੰ ਸੰਬੋਧਨ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਉਹਨਾਂ ਕਿਹਾ ਕਿ ਦਿੱਲੀ ਤੋਂ ਚੱਲਣ ਵਾਲੀਆਂ ਸਰਕਾਰਾਂ ਨੇ ਹਮੇਸ਼ਾ ਪੰਜਾਬ ਅਤੇ ਪੰਜਾਬੀਅਤ ਦੇ ਨਾਲ ਧੱਕਾ ਕੀਤਾ ਹੈ। ਇਸੇ ਹੀ ਤਹਿਤ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਦੁਬਾਰਾ ਐਨਐਸਏ ਲਗਾ ਕੇ ਪੰਜਾਬ ਦੇ ਸਿੱਖਾਂ ਤੇ ਨਮਕ ਛਿੜਕਣ ਦਾ ਕੰਮ ਕੀਤਾ ਹੈ। ਸੋ ਹੁਣ ਪੰਜਾਬ ਦੇ ਲੋਕ 2027 ਦੇ ਵਿੱਚ ਵਾਰਸ ਪੰਜਾਬ ਦੀ ਸਰਕਾਰ ਬਣਾਉਣ ਦੇ ਲਈ ਉਤਾਵਲੀ ਹੋ ਰਹੇ ਹਨ।

# ਨਿਤੀਨ ਨਵੀਨ ਦੇ ਮੈਂਬਰ ਰਾਜ ਸਭਾ ਬਣਨ ਤੇ ਨੀਲੂ ਮਿੱਤਲ ਨੇ ਦਿੱਤੀ ਮੁਬਾਰਕਵਾਦ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ਼੍ਰੀ ਨਿਤੀਨ ਨਵੀਨ ਦੇ ਮੈਂਬਰ ਰਾਜ ਸਭਾ ਬਣਨ ਤੇ ਮੁਬਾਰਕਵਾਦ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਸ਼੍ਰੀ ਨਿਤੀਨ ਨਵੀਨ ਦੇ ਮੈਂਬਰ ਰਾਜ ਸਭਾ ਬਣਨ ਤੇ ਮੁਬਾਰਕਵਾਦ ਦਿੰਦੇ ਹਾ ਅਤੇ ਲੰਮੀ ਉਮਰ ਦੀ ਕਾਮਨਾ ਕਰਦੇ ਹਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਚੱਲ ਰਹੀ ਕੇਂਦਰ ਦੀ ਭਾਜਪਾ ਸਰਕਾਰ ਪੂਰੇ ਦੇਸ਼ ਨੂੰ ਵਿਕਾਸ ਦੇ ਰਾਹਾਂ ਵੱਲ ਲੈ ਕੇ ਜਾ ਰਹੀ ਹੈ, ਡਬਲ ਇੰਜਨ ਦੀ ਸਰਕਾਰ ਹੋਣ ਦੇ ਕਰਕੇ ਵਿਕਾਸ ਜਿਆਦਾ ਤੇਜ਼ੀ ਨਾਲ ਹੋ ਰਿਹਾ ਹੈ। ਕਿਸਾਨ, ਮਜ਼ਦੂਰ, ਵਪਾਰੀਆ, ਆੜਤੀਆਂ ਦੀਆਂ ਹਰ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਮੋਗਾ ਵਿਖੇ ਹੋਈ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦੀ ਰੈਲੀ ਨੇ ਪੰਜਾਬ ਦੇ ਹਾਲਾਤ ਬਦਲ ਕੇ ਰੱਖ ਦਿੱਤੇ ਹਨ ਅਤੇ 2027 ਦੇ ਵਿੱਚ ਭਾਰਤੀ ਜਨਤਾ ਪਾਰਟੀ ਨਿਰੋਲ ਸਰਕਾਰ ਬਣਾਏਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ

# ਖੇਡ ਮੇਲੇ ਕਰਵਾਉਣਾ ਸਮੇਂ ਦੀ ਮੁੱਖ ਲੋੜ : ਬਿੰਨੂ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਹਰਜਿੰਦਰ ਸਿੰਘ ਕਾਂਝਲਾ, ਸ਼ਹੀਦ ਬਾਬਾ ਦੀਪ ਸਿੰਘ ਯੂਥ ਵੈਲਫੇਅਰ ਸਪੋਰਟਸ ਕਲੱਬ ਦੇ ਪ੍ਰਧਾਨ ਦਲਜੀਤ ਸਿੰਘ ਮਾਨ ਅਤੇ ਸਰਬਜੀਤ ਸਿੰਘ ਭੁੱਲਰ ਦੀ ਅਗਵਾਈ ਧੂਰੀ ਦੀ ਅਨਾਜ ਮੰਡੀ ਵਿਖੇ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚਪੰਜਾਬੀ ਫਿਲਮ ਇੰਡਸਟਰੀ ਦੇ ਬਾਦਸ਼ਾਹ ਬਿਨੂ ਢਿੱਲੋਂ ਵਿਸ਼ੇਸ਼ ਤੌਰ ਤੇ ਹਾਜਰੀ ਭਰੀ ਗਈ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਫਿਲਮ ਇੰਡਸਟਰੀ ਦੇ ਬਾਦਸ਼ਾਹ ਬਿੰਨੂ ਢਿੱਲੋਂ ਨੇ ਕਿਹਾ ਕਿ ਖੇਡਾਂ ਸਾਨੂੰ ਸਮਾਜਿਕ ਕੁਰੀਤੀਆਂ ਨੂੰ ਦੂਰ ਕਰਨ ਲਈ ਇੱਕ ਵੱਡਾ ਸੁਨੇਹਾ ਦਿੰਦੀਆਂ ਹਨ। ਉਥੇ ਹੀ ਨੌਜਵਾਨਾਂ ਨਸ਼ਿਆਂ ਤੋਂ ਦੂਰ ਕਰਨ ਲਈ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਖੇਡ ਮੇਲੇ ਕਰਵਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ, ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ, ਕਾਂਗਰਸ ਦੇ ਸੀਨੀਅਰ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ, ਜਤਿੰਦਰ ਸਿੰਘ ਸੋਨੀ ਮੰਡੇਰ, ਚੇਅਰਮੈਨ ਰਣਜੋਧ ਸਿੰਘ ਕਾਂਝਲਾ , ਚੇਅਰਮੈਨ ਚਰਨਾਂ ਖੇੜੀ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਸਰਪੰਚ ਦਵਿੰਦਰ ਸਿੰਘ ਧੂਰਾ, ਕੁਲਵਿੰਦਰ ਸਿੰਘ ਬੌਗੜ,ਠੇਕੇਦਾਰ, ਤੇਜੀ ਅਟਵਾਲ,ਚਰਨਜੀਤ ਸਿੰਘ ਬੁਗਰਾ, ਮੱਖਣ ਕਾਂਝਲਾ, ਪੱਤਰਕਾਰ ਲਖਵੀਰ ਸਿੰਘ ਧਾਦਰਾਂ, ਮਨਪ੍ਰੀਤ ਸਿੰਘ ਢਢੋਗਲ, ਸਾਬਕਾ ਸਰਪੰਚ ਜਹਾਗੀਰ,ਹਰਪ੍ਰੀਤ ਸਿੰਘ ਭਲਵਾਨ, ਨਰਿੰਦਰ ਸਿੰਘ ਕਾਂਝਲੀ, ਗੁਰੀ ਧੂਰੀ ਪੱਤਰਕਾਰ ਰਣਜੀਤ ਸਿੰਘ ਪੇਧਨੀ ਹਾਜ਼ਰ ਸਨ।

ਮਿਸ਼ਨ ਸਰਬੱਤ ਦਾ ਭਲਾ ਸਰਬ ਧਰਮ ਸਾਂਝਾ ਫਰੰਟ (ਪੰਜਾਬ) ਵੱਲੋਂ

# 28 ਮਾਰਚ ਨੂੰ ਕੱਢੀ ਜਾਏਗੀ ਵਿਸ਼ਾਲ ਮੋਟਰਸਾਈਕਲ ਰੈਲੀ




**ਅੰਮ੍ਰਿਤਸਰ, 20 ਮਾਰਚ (ਆਵਾਜ਼ਿ ਕੌਮ ਬਿਊਰੋ)**-ਮਿਸ਼ਨ ਸਰਬੱਤ ਦਾ ਭਲਾ ਸਰਬ ਧਰਮ ਸਾਂਝਾ ਫਰੰਟ ( ਪੰਜਾਬ) ਵੱਲੋਂ 28 ਮਾਰਚ 2026 ਦਿਨ ਛਨੀਚਰ ਵਾਰ ਨੂੰ ਕੱਢੀ ਜਾਏ ਗੀ ਵਿਸ਼ਾਲ ਮੋਟਰਸਾਈਕਲ ਰੈਲੀ ਜੋ ਸਵੇਰੇ 10 ਵੱਜੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਅਰੰਭ ਕਰਨ ਉਪਰੰਤ ਸਾਰੇ ਧਰਮਾ ਦੇ ਧਾਰਮਿਕ ਅਸਥਾਨਾ ਤੇ ਹਾਜ਼ਰੀ ਲਗਵਾਈ ਜਾਏ ਗੀ ਜਿਵੇ ਮੁਸਲਿਮ ਭਾਈ ਚਾਰੇ ਦੇ ਹਾਲ ਬਜ਼ਾਰ ਜਾਮਾ ਮਸਜਿਦ, ਹਿੰਦੂ ਭਾਈ ਚਾਰੇ ਦੇ ਦੁਰਗਿਆਨਾ ( ਸੀਤਲਾ ) ਮੰਦਰ, ਰਵਿਦਾਸ ਭਾਈ ਚਾਰੇ ਦੇ ਰਵਿਦਾਸ ਮੰਦਰ ਪਿੰਕ ਪਲਾਜ਼ਾ, ਈਸਾਈ ਭਾਈ ਚਾਰੇ ਦੇ ਗਿਰਜਾਘਰ ( ਚਰਚ) ਰਿਆਲਟੂ ਚੌਂਕ, ਤੋ ਇਹ ਰੈਲੀ ਬਾਲਮੀਕ ਭਾਈ ਚਾਰੇ ਦੇ ਰਾਮ ਤੀਰਥ ਬਾਲਮੀਕ ਮੰਦਰ ਪਹੁੰਚ ਕੇ ਸੰਪੂਰਨ ਹੋਵੇਗੀ ਸਾਰੇ ਧਰਮਾ ਦੇ ਧਾਰਮਿਕ ਮੁੱਖੀਆ ਨੂੰ ਅਤੇ ਖਾਸਕਰ ਨੌਜਵਾਨ ਵਰਗ ਨੂੰ ਆਪਣੇ ਆਪਣੇ ਮੋਟਰਸਾਈਕਲਾ ਸਮੇਤ ਸਾਥੀਆ ਸਮੇਤ ਇਸ ਰੈਲੀ ਵਿੱਚ ਸ਼ਾਮਲ ਹੋਣ ਲਈ 28 ਮਾਰਚ ਛਨੀਚਰ ਵਾਰ ਠੀਕ ਸਵੇਰੇ 9 ਵੱਜੇ ਦਰਬਾਰ ਸਹਿਬ ਸਾਹਮਣੇ ਘੰਟਾ ਘਰ ਪਹੁੰਚਣ ਦੀ ਕਿਰਪਾ ਕਰਨੀ ਤਾਂ ਕੇ 10 ਵੱਜੇ ਸ੍ਰੀ ਅਕਾਲ ਤਖਤ ਸਾਹਿਬ ਤੇ ਅਰਦਾਸ ਕਰਨ ਉਪਰੰਤ ਮੋਟਰਸਾਈਕਲ ਰੈਲੀ ਅਰੰਭ ਕੀਤੀ ਜਾਏ ਮੀਡੀਆ ਨਾਲ ਇਹ ਜਾਣਕਾਰੀ ਚੇਅਰਮੈਨ ਬਿਕਰਮ ਦੱਤਾ, ਮੁੱਖ ਬੁਲਾਰਾ ਇਕਬਾਲ ਸਿੰਘ ਤੁੰਗ ਨੇ ਸਾਂਝੀ ਕੀਤੀ।

# ਪੰਜਾਬ ਸਰਕਾਰ ਬੇਅਦਬੀਆਂ ਖਿਲਾਫ ਕਾਨੂੰਨ ਬਨਾਉਣ 'ਚ ਨਾ ਕਾਮਯਾਬ; ਗੁਰਮੀਤ ਸਿੰਘ ਬਰੜਵਾਲ



ਧੂਰੀ ( ਰਣਜੀਤ ਸਿੰਘ ਪੇਧਨੀ )-ਬੇਅਦਬੀਆ ਖਿਲਾਫ ਸਖਤ ਕਾਨੂੰਨ ਬਨਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 17 ਮਹੀਨਿਆਂ ਤੋਂ ਟਾਵਰ ਤੇ ਬੈਠ ਕੇ ਸੰਘਰਸ ਕਰ ਰਹੇ ਹਨ। ਪਰ ਮਾਨ ਸਰਕਾਰ ਵੱਲੋਂ ਆਪਣੇ ਬਜਟ ਸੈਸ਼ਨ ਦੌਰਾਨ ਬੇਅਦਬੀਆਂ ਦੇ ਮੁੱਦੇ ਨੂੰ ਲੈ ਕੇ ਧਾਰੀ ਚੁੱਪ ਕਈ ਸਵਾਲ ਖੜੇ ਕਰਦੀ ਹੈਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਪੁਨਰ ਸਰਜੀਤ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ। ਉਨਾ ਕਿਹਾ ਕਿ ਆਏ ਦਿਨ ਬੇਅਦਬੀਆਂ ਦੇ ਮਾਮਲੇ ਵਧ ਰਹੇ ਹਨ ਜੋ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਦੀ ਵਿਵਸਥਾਂ ਨਾ ਹੋਣ ਦਾ ਨਤੀਜਾ ਜਦਕਿ ਬੇਅਦਬੀ ਖਿਲਾਫ ਬਿੱਲ ਸਬੰਧੀ ਸਿਲੈਕਟ ਕਮੇਟੀ ਨੇ ਵੀ ਚੁੱਪ ਧਾਰੀ ਹੈ ।ਉਨਾ ਕਿਹਾ ਕਿ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਅਮਲ ਵਿੱਚ ਲਿਆਂਦਾ ਜਾਵੇ ਤਾ ਜੋ ਕੋਈ ਵੀ ਵੱਖ ਵੱਖ ਧਰਮਾਂ ਦੇ ਪਵਿੱਤਰ ਗ੍ਰੰਥਾਂ ਦਾ ਅਪਮਾਨ ਕਰਨ ਵਾਰੇ ਸੋਚ ਵੀ ਨਾ ਸਕੇ ।ਉਨਾ ਕਿਹਾ ਕਿ ਸ੍ਰੀ ਗੁਰੁ ਗ੍ਰੰਥ ਸਾਹਿਬ ਸਾਨੂੰ ਜੀਵਨ ਦੀ ਅਗਵਾਈ ਦਿੰਦੇ ਹਨ ਜਿਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਤੇ ਮਰਯਾਦਾ ਨੂੰ ਕਾਇਮ ਰੱਖਣਾ ਤੇ ਗੁਰੂ ਘਰਾਂ ਦੀ ਚੇਤੰਨ ਹੈ ਕੇ ਸੇਵਾ ਸੰਭਾਲ ਕਰਨੀ ਜਰੂਰੀ ਹੈ ।ਮਨੁੱਖਤਾਂ ਨੂੰ ਸਹੀ ਮਾਰਗ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀ ਕੋਸਿਸ ਕਰਨ ਤੇ ਬੇਅਦਬੀ ਕਰਨ ਦੀਆਂ ਘਟਨਾਵਾਂ ਜਾਰੀ ਹਨ ਤੇ ਦੋਸੀਆਂ ਤੋਂ ਸਖਤੀ ਨਾਲ ਪੁੱਛਗਿੱਛ ਕਰਕੇ ਇਸ ਸਾਜਿਸ ਦੇ ਪਿੱਛੇ ਕੰਮ ਕਰਨ ਵਾਲੇ ਮਾਸਟਰ ਮਾਈਂਡ ਨੂੰ ਵੀ ਜਨਤਕ ਕੀਤਾ ਜਾਣਾ ਚਾਹੀਦਾ ਹੈ ।ਉਨਾ ਕਿਹਾ ਕਿ ਕਨੂੰਨ ਦੇ ਸਖਤ ਨਿਯਮ ਨਾ ਹੋਣ ਕਾਰਨ ਬੇਅਦਬੀ ਦੀਆਂ ਘਟਨਾਵਾਂ ਆਏ ਦਿਨ ਵਧ ਰਹੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਨੂੰ ਰੋਕਣ ਲਈ ਫਾਂਸੀ ਦੀ ਸਜਾ ਵਜੋਂ ਸਖਤ ਸਜਾਵਾਂ ਅਮਲ ਵਿੱਚ ਲਿਆਦੀਆਂ ਜਾਣੀਆਂ ਚਾਹੀਦੀਆਂ ਹਨ।

# ਬਠਿੰਡਾ ਬਿਜੀਲੈਂਸ ਟੀਮ ਵੱਲੋਂ ਪੀਐਸਪੀਸੀਐਲ ਦਾ ਜੇਈ 15000 ਰਿਸ਼ਵਤ ਲੈਂਦਾ ਕਾਬੂ



ਤਲਵੰਡੀ ਸਾਬੋ, 20 ਫਰਵਰੀ (ਗੁਰਜੰਟ ਸਿੰਘ ਨਥੇਹਾ)- ਬਠਿੰਡਾ ਵਿਜੀਲੈਂਸ ਵੱਲੋਂ ਸ਼ੁੱਕਰਵਾਰ ਨੂੰ ਇੱਕ ਵੱਡੀ ਕਰਵਾਈ ਕਰਦਿਆਂ ਪੰਜਾਬ ਪਾਵਰਕਾਮ ਦੇ ਇੱਕ ਜੂਨੀਅਰ ਇੰਜੀਨੀਅਰ ਨੂੰ 15 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕਰਨ ਦੀ ਸੂਚਨਾ ਹੈ। ਮੁਲਜ਼ਮ ਜੇ.ਈ ਲਖਵੀਰ ਸਿੰਘ ਦੇ ਵੱਲੋਂ ਇਹ ਰਿਸ਼ਵਤ ਸਬ ਡਵੀਜ਼ਨ ਤਲਵੰਡੀ ਸਾਬੋ ਅਧੀਨ ਆਉਂਦੇ ਪਿੰਡ ਜਗਾ ਰਾਮ ਤੀਰਥ ਵਿਖੇ ਇੱਕ ਵਿਅਕਤੀ ਦੇ ਕੋਲੋਂ ਬਿਜਲੀ ਦੇ ਟੁੱਟੇ ਹੋਏ ਖੰਬੇ ਬਦਲੇ ਨਵਾਂ ਖੰਬਾ ਲਗਾਉਣ ਬਦਲੇ ਲਏ ਜਾ ਰਹੇ ਸਨ ਹਾਲਾਂਕਿ ਮੁਲਜ਼ਮ ਜੇ.ਈ ਦੇ ਵੱਲੋਂ ਮੁਦਈ ਦੇ ਕੋਲੋਂ 25 ਹਜ਼ਾਰ ਰੁਪਏ ਦੀ ਰਿਸ਼ਵਤ ਮੰਗੀ ਗਈ ਸੀ ਪ੍ਰੰਤੂ ਮੁਦਈ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਜਿਸਦੇ ਚੱਲਦੇ ਉਸਨੇ ਇਸ ਭ੍ਰਿਸ਼ਟ ਅਧਿਕਾਰੀ ਨੂੰ ਸਬਕ ਸਿਖਾਉਣ ਦੇ ਲਈ ਇਸਦੀ ਸੂਚਨਾ ਵਿਜੀਲੈਂਸ ਬਿਊਰੋ ਬਠਿੰਡਾ ਨੂੰ ਦਿੱਤੀ, ਜਿੰਨ੍ਹਾਂ ਅੱਜ ਟਰੇਪ ਲਗਾ ਕੇ ਉਸਨੂੰ ਕਾਬੂ ਕਰ ਲਿਆ। ਜਲਦੀ ਹੀ ਵਿਜੀਲੈਂਸ ਦੇ ਅਧਿਕਾਰੀ ਇਸ ਮਾਮਲੇ ਵਿਚ ਹੋਰ ਖੁਲਾਸੇ ਕਰ ਸਕਦੇ ਹਨ।

# ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਹੋਏ ਪੱਬਾਂ ਭਾਰ ਪੰਜਾਬੀ : ਰੰਧਾਵਾ ਕਾਤਰੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋ ਰਹੀਆਂ ਪੰਜਾਬ ਬਚਾਓ ਰੈਲੀਆਂ ਚ ਹੋ ਰਹੇ ਆਪ ਮੁਹਾਰੇ ਵੱਡੇ ਬੇਮਿਸਾਲ ਇਕੱਠ 2027 ਵਿੱਚ ਸਰਕਾਰ ਬਣਾਉਣ ਦੇ ਸੰਕੇਤ ਦੇ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਲੋਕਾਂ ਦਾ ਇਸ ਸਰਕਾਰ ਤੋਂ ਮੋਹ ਭੰਗ ਹੋ ਚੁੱਕਿਆ ਹੈ। ਇਸਦੇ ਚੱਲਦਿਆਂ ਲੋਕ ਨਿਰਾਸ਼ਾ ਦੇ ਆਲਮ ਵਿਚ ਹਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਨੂੰ ਲੋਕ ਅੱਜ ਵੀ ਯਾਦ ਕਰਦੇ ਨੇ, ਇਸੇ ਲਈ ਉਹ ਦੁਬਾਰਾ ਤੋਂ ਅਕਾਲੀ ਦਲ ਦੀ ਸਰਕਾਰ ਲੈ ਕੇ ਆਉਣ ਲਈ ਪੱਬਾਂ ਭਾਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਜ 21 ਮਾਰਚ ਸ਼ਹੀਦੀ ਦਿਨ 'ਤੇ ਵਿਸ਼ੇਸ਼

# ਮਾਨਵੀ ਗੁਣਾਂ ਦਾ ਮੁਜੱਸਮਾ - ਦਸਮ ਪਿਤਾ ਦਾ ਲਾਡਲਾ ਪੀਰ ਬੁੱਧੂ ਸ਼ਾਹ





-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040

**ਧਰਮ** ਦੀਆਂ ਪੱਕੀਆਂ ਤੇ ਤੰਗ ਸੀਮਾਵਾਂ ਤੋਂ ਉੱਪਰ ਦੀ ਸੋਚ ਦੇ ਧਾਰਨੀ ਅਤੇ ਮਾਨਵੀ ਗੁਣਾਂ ਦੇ ਮੁਜੱਸਮੇ ਪੀਰ ਬੁੱਧੂ ਸ਼ਾਹ ਨੂੰ ਹਰ ਸਿੱਖ ਬੜੀ ਸ਼ਰਧਾ ਤੇ ਸਤਿਕਾਰ ਨਾਲ ਯਾਦ ਕਰਦਾ ਹੈ । ਭੰਗਾਣੀ ਦੇ ਯੁੱਧ ਤੋਂ ਉਪਰੰਤ ਪੀਰ ਜੀ ਨੇ ਆਪਣੇ ਚਾਰ ਪੁੱਤਰਾਂ ਵਿੱਚੋਂ ਦੋ ਪੁੱਤਰ ਸੱਯਦ ਅਸ਼ਰਫ਼ ਸ਼ਾਹ ਅਤੇ ਸੱਯਦ ਮੁਹੰਮਦ ਸ਼ਾਹ ਅਤੇ ਸਕੇ ਭਾਈ ਭੂਰੇ ਸ਼ਾਹ ਨੂੰ ਅਤੇ ਸੱਤ ਸੌ ਮੁਰੀਦਾਂ ਵਿੱਚੋਂ ਅਨੇਕਾਂ ਮੁਰੀਦ ਸ਼ਹੀਦ ਕਰਵਾ ਕੇ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਖ਼ਿਸ਼ਸ ਪ੍ਰਾਪਤ ਕੀਤੀ । ਇਤਿਹਾਸਕ ਹਵਾਲਿਆਂ ਮੁਤਾਬਕ ਪੀਰ ਬੁੱਧੂ ਸ਼ਾਹ ਦਾ ਜਨਮ 13 ਜੂਨ, 1647 ਈ: ਨੂੰ ਸਯਦ ਗੁਲਾਮ ਸ਼ਾਹ ਦੇ ਘਰ ਅੰਬਾਲਾ ਜ਼ਿਲ੍ਹੇ ਦੇ ਸਢੌਰਾ ਕਸਬੇ ਵਿੱਚ ਹੋਇਆ । ਪੀਰ ਜੀ ਦਾ ਪੂਰਾ ਨਾਂਅ ਸਯਦ ਬਦਰੁੱਦੀਨ ਸ਼ਾਹ ਸੀ । ਪੀਰ ਜੀ ਬਚਪਨ ਤੋਂ ਹੀ ਘੱਟ ਬੋਲਣ ਵਾਲੇ, ਗੰਭੀਰ ਅਤੇ ਸਾਦੇ ਸੁਭਾਅ ਵਾਲੇ ਸਨ । ਇਸੇ ਕਰਕੇ ਲੋਕਾਂ ਨੇ ਪੀਰ ਜੀ ਨੂੰ ਬੁੱਧੂ ਕਹਿਣਾ ਸ਼ੁਰੂ ਕਰ ਦਿੱਤਾ । ਇਹ ਨਾਂਅ ਪੀਰ ਜੀ ਦੇ ਸੁਭਾਅ ਕਰਕੇ ਪੱਕੇ ਤੌਰ 'ਤੇ ਉਨ੍ਹਾਂ ਨਾਲ ਜੁੜ ਗਿਆ । ਪੀਰ ਜੀ ਦੇ ਵੱਡੇ-ਵਡੇਰੇ ਪਹਿਲਾਂ ਸਮਾਣੇ ਰਹਿੰਦੇ ਸਨ, ਪਰ ਇਸ ਤੋਂ ਪਿੱਛੋਂ ਸਢੌਰੇ ਆ ਵਸੇ । ਜਿਸ ਮੁਹੱਲੇ ਵਿੱਚ ਇਹ ਪਰਿਵਾਰ ਆ ਕੇ ਵਸਿਆ, ਉਹ ਬਾਅਦ ਵਿੱਚ ਸਯਦਾਂ ਵਾਲਾ ਮੁਹੱਲਾ ਕਰਕੇ ਪ੍ਰਸਿੱਧ ਹੋਇਆ।

ਪੀਰ ਜੀ ਦੀ ਸ਼ਾਦੀ ਮੁਗਲ ਸੈਨਾ ਦੇ ਇਕ ਵੱਡੇ ਜਰਨੈਲ ਸੈਦ ਖਾਨ ਦੀ ਭੈਣ ਨਸੀਰਾਂ ਨਾਲ ਹੋਈ । ਜਦੋਂ ਬਾਲ ਗੁਰੂ ਗੋਬਿੰਦ ਰਾਏ (ਸਿੰਘ) ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਸਮੇਂ ਕੁਝ ਸਮੇਂ ਲਖਨੌਰ ਰੁਕੇ ਤਾਂ ਪੀਰ ਭੀਖਣ ਸ਼ਾਹ ਜਦੋਂ ਬਾਲ ਗੁਰੂ ਸਾਹਿਬ ਦੇ ਦਰਸ਼ਨ ਕਰਨ ਲਈ ਆਏ ਤਾਂ ਉਸ ਸਮੇਂ ਪੀਰ ਬੁੱਧੂ ਸ਼ਾਹ ਨੇ ਵੀ ਗੁਰੂ ਸਾਹਿਬ ਦੇ ਦਰਸ਼ਨ ਕੀਤੇ । ਇਸ ਤੋਂ ਪਿੱਛੋਂ ਪੀਰ ਜੀ ਦਿੱਲੀ ਵਿਖੇ ਗੋਸ਼ਾ-ਨਸ਼ੀਨ ਰਹਿਣ ਤੋਂ ਉਪਰੰਤ ਜਦੋਂ ਵਾਪਸ ਸਢੌਰਾ ਆਏ ਤਾਂ ਪੀਰ ਜੀ ਨੂੰ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਪਾਉਂਟਾ ਸਾਹਿਬ ਦੀ ਆਮਦ ਬਾਰੇ ਪਤਾ ਲੱਗਾ । ਪਿਆਰ ਵਿੱਚ ਬਿਹਬਲ ਪੀਰ ਜੀ ਨੇ ਗੁਰੂ ਨਾਨਕ ਸਾਹਿਬ ਦੇ ਦੱਸਵੇਂ ਸਰੂਪ ਗੁਰੂ ਗੋਬਿੰਦ ਸਿੰਘ ਜੀ ਦੇ ਪਾਉਂਟਾ ਸਾਹਿਬ ਵਿਖੇ ਦਰਸ਼ਨ ਕੀਤੇ । ਆਪ ਗੁਰੂ ਸਾਹਿਬ ਜੀ ਦੀ ਸ਼ਖ਼ਸੀਅਤ ਤੋਂ ਅਜਿਹੇ ਪ੍ਰਭਾਵਿਤ ਹੋਏ ਕਿ ਰੱਬੀ ਗੁਣਾਂ ਦੇ ਮੁਜੱਸਮੇ ਦਸਮ ਪਿਤਾ ਜੀ ਹਮੇਸ਼ਾਂ ਅੰਗ-ਸੰਗ ਰਹਿਣ ਲਈ ਬੇਨਤੀ ਕਰਨ ਲਈ ਹੱਥ ਜੁੜ ਗਏ ।

ਇਕ ਵਾਰ ਅਜਿਹਾ ਸਮਾਂ ਆਇਆ, ਜਦੋਂ ਸਮੇਂ ਦੇ ਬਾਦਸ਼ਾਹ ਔਰੰਗਜ਼ੇਬ ਨੇ ਆਪਣੀ ਫੌਜ ਦੇ ਬਹੁਤ ਸਾਰੇ ਪਠਾਨਾਂ ਨੂੰ ਨੌਕਰੀ ਤੋਂ ਜਵਾਬ ਦੇ ਦਿੱਤਾ । ਉਹ ਸਾਰੇ ਪਠਾਣ ਪੀਰ ਜੀ ਕੋਲ ਆਪਣੇ ਦੁੱਖੜੇ ਰੋਣ ਲਈ ਪਹੁੰਚੇ । ਪੀਰ ਜੀ ਨੇ ਉਨ੍ਹਾਂ ਪਠਾਣਾਂ ਨੂੰ ਨੌਕਰੀ ਦਿਵਾਉਣ ਲਈ ਪਾਉਂਟਾ ਸਾਹਿਬ ਜਾ ਕੇ ਗੁਰੂ ਸਾਹਿਬ ਨੂੰ ਬੇਨਤੀ ਕੀਤੀ । ਗੁਰੂ ਸਾਹਿਬ ਨੇ ਪੀਰ ਜੀ ਦੀ ਬੇਨਤੀ ਮੰਨਦਿਆਂ ਸਾਰੇ ਪਠਾਣਾਂ ਨੂੰ ਆਪਣੇ ਪਾਸ ਰੱਖ ਲਿਆ । ਪਰ ਜਦੋਂ ਪਹਾੜੀ ਰਾਜਿਆਂ ਵੱਲੋਂ ਕਲਗੀਧਰ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੂੰ ਮਜ਼ਬੂਰ ਕਰਕੇ ਲੜਾਈ ਛੇੜ ਦਿੱਤੀ ਗਈ ਤਾਂ ਇਨ੍ਹਾਂ ਪਠਾਣਾਂ ਵਿੱਚੋਂ ਇਕ ਪਠਾਣ ਜਰਨੈਲ ਕਾਲੇ ਖਾਨ ਤੋਂ ਬਿਨਾਂ ਬਾਕੀ ਤਿੰਨ ਜਰਨੈਲ ਤੀਖਨ ਖਾਨ, ਨਜ਼ਾਬਤ ਖਾਨ ਅਤੇ ਹਯਾਤ ਖਾਨ ਨਮਕ-ਹਰਾਮੀ ਕਰਕੇ ਗੁਰੂ ਸਾਹਿਬ ਨੂੰ ਛੱਡ ਕੇ ਚਲੇ ਗਏ । ਕੇਵਲ ਛੱਡਿਆ ਹੀ ਨਹੀਂ, ਸਗੋਂ ਪਹਾੜੀ ਰਾਜਿਆਂ ਦੀ ਫੌਜ ਨਾਲ ਜਾ ਰਲੇ । ਜਦੋਂ ਪੀਰ ਜੀ ਨੂੰ ਇਹ ਖਬਰ ਮਿਲੀ ਤਾਂ ਪੀਰ ਜੀ ਆਪਣੇ ਸੱਤ ਸੌ ਮੁਰੀਦਾਂ, ਚਾਰ ਪੁੱਤਰਾਂ ਅਤੇ ਇਕ ਭਰਾ ਸਮੇਤ ਭੰਗਾਣੀ ਦੇ ਮੈਦਾਨ ਵਿੱਚ ਪੁੱਜੇ ਅਤੇ ਇਸ ਗਹਿਗੱਚ ਯੁੱਧ ਵਿੱਚ ਆਪਣਾ ਯੋਗਦਾਨ ਪਾਇਆ । ਇਸ ਯੁੱਧ ਵਿੱਚ ਪੀਰ ਜੀ ਦੇ ਅਨੇਕਾਂ ਮੁਰੀਦਾਂ, ਦੋ ਪੁੱਤਰਾਂ ਅਤੇ ਇਕ ਭਰਾ ਨੇ ਸ਼ਹਾਦਤ ਦਾ ਜਾਮ ਪੀਤਾ ।

ਇਤਿਹਾਸਕ ਤੱਥ ਇਸ ਗੱਲ ਨੂੰ ਬਿਆਨ ਕਰਦੇ ਹਨ, ਜਦੋਂ ਕਲਗੀਧਰ ਪਾਤਸ਼ਾਹ ਨੇ ਯੁੱਧ ਤੋਂ ਉਪਰੰਤ ਬੇਸ਼ਕੀਮਤੀ ਵਸਤੂਆਂ, ਧਨ ਦੌਲਤ ਪੀਰ ਜੀ ਨੂੰ ਬਖ਼ਿਸ਼ਸ਼ ਵਜੋਂ ਲੈਣ ਲਈ ਕਿਹਾ ਤਾਂ ਪੀਰ ਜੀ ਨਿਮਾਣੇ ਸਿੱਖ ਸ਼ਰਧਾਲੂ ਵਜੋਂ ਹੱਥ ਜੋੜ ਕੇ ਗੁਰੂ ਸਾਹਿਬ ਦੇ ਸਨਮੁੱਖ ਖਲੋ ਗਏ, ਇਹ ਵਸਤਾਂ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ । ਉਸ ਸਮੇਂ ਗੁਰੂ ਸਾਹਿਬ ਕੇਸ਼ਾਂ ਨੂੰ ਕੰਘੇ ਨਾਲ ਸੰਵਾਰ ਕੇ ਦਸਤਾਰ ਸਜਾਉਣ ਦੀ ਤਿਆਰੀ ਵਿੱਚ ਸਨ । ਪੀਰ ਜੀ ਨੇ ਬੜੀ ਅਧੀਨਗੀ ਨਾਲ ਕੰਘੇ ਵਿੱਚ ਫਸੇ ਗੁਰੂ ਸਾਹਿਬ ਦੇ ਰੋਮਾਂ (ਕੇਸ਼ਾਂ) ਨੂੰ ਆਪਣੀ ਝੋਲੀ ਫੈਲਾਅ ਕੇ ਪ੍ਰਵਾਨ ਕੀਤਾ । ਕੰਘੇ ਸਮੇਤ ਕੇਸ਼ਾਂ ਨੂੰ ਪ੍ਰਾਪਤ ਕਰਕੇ ਇਸ ਵੱਡਮੁੱਲੇ ਤੋਹਫ਼ੇ ਨੂੰ ਆਪਣੇ ਜੀਵਨ ਦੌਰਾਨ ਸੰਭਾਲ ਕੇ ਰੱਖਣ ਅਤੇ ਦਰਸ਼ਨ-ਦੀਦਾਰੇ ਕਰਨ ਦਾ ਸੁਭਾਗ ਜੀਵਨ ਭਰ ਨਿਭਾਇਆ । ਗੁਰੂ ਸਾਹਿਬ ਨੇ ਭਰੇ ਦੀਵਾਨ ਵਿੱਚ ਪਾਉਂਟਾ ਸਾਹਿਬ ਦੀ ਪਾਵਨ ਧਰਤੀ ਤੋਂ ਇਸ ਵੱਡਮੁੱਲੇ ਤੋਹਫੇ ਤੋਂ ਇਲਾਵਾ ਇਕ ਛੋਟੀ ਕ੍ਰਿਪਾਨ, ਦਸਤਾਰ ਅਤੇ ਹੁਕਮਨਾਮਾ ਵੀ ਪੀਰ ਜੀ ਨੂੰ ਬਖ਼ਿਸ਼ਆ, ਜੋ ਸਮਾਂ ਪੈ ਕੇ ਪੀਰ ਜੀ ਦੇ ਵਾਰਸਾਂ ਨੂੰ ਜਗੀਰ ਪ੍ਰਦਾਨ ਕਰਕੇ ਮਹਾਰਾਜਾ ਨਾਭਾ ਸ: ਭਰਪੂਰ ਸਿੰਘ ਨੇ ਸ਼ਰਧਾ ਸਹਿਤ ਆਪਣੇ ਮਹਿਲਾਂ ਵਿੱਚ ਇਨ੍ਹਾਂ ਵਸਤਾਂ ਨੂੰ ਸੁਸ਼ੋਭਿਤ ਕੀਤਾ । ਪਰ ਭਰੋਸੇਯੋਗ ਗਵਾਹੀ ਤੋਂ ਪਤਾ ਲੱਗਾ ਹੈ ਕਿ ਇਹ ਛੋਟੀ ਕ੍ਰਿਪਾਨ ਪੀਰ ਜੀ ਦੇ ਮੌਜੂਦਾ ਵਾਰਸਾਂ ਪਾਸ ਅਮਰੀਕਾ ਦੇ ਸ਼ਹਿਰ ਲਾਸ ਏਂਜਲਸ ਵਿੱਚ ਸਤਿਕਾਰ ਨਾਲ ਸਾਂਭੀ ਹੋਈ ਹੈ ।

ਪੀਰ ਜੀ ਵੱਲੋਂ ਗੁਰੂ ਸਾਹਿਬ ਦੀ ਭੰਗਾਣੀ ਦੇ ਯੁੱਧ ਵਿੱਚ ਸਹਾਇਤਾ ਕਰਕੇ ਬਾਦਸ਼ਾਹ ਔਰੰਗਜ਼ੇਬ ਦੇ ਕੰਨ ਭਰੇ ਗਏ । ਔਰੰਗਜ਼ੇਬ ਨੇ ਸਢੌਰੇ ਦੇ ਹਾਕਮ ਉਸਮਾਨ ਖਾਨ ਨੂੰ ਪੀਰ ਜੀ ਨੂੰ ਕਤਲ ਕਰਨ ਦਾ ਆਦੇਸ਼ ਦਿੱਤਾ । ਸਰਹਿੰਦ ਦੇ ਫੌਜਦਾਨ ਨੇ ਬਾਦਸ਼ਾਹ ਦੇ ਹੁਕਮ ਨੂੰ ਉਸਮਾਨ ਖਾਨ ਤੱਕ ਪਹੁੰਚਾਇਆ । ਪੀਰ ਜੀ ਨੂੰ ਇਹ ਖਬਰ ਪਹਿਲਾਂ ਹੀ ਮਿਲ ਚੁੱਕੀ ਸੀ, ਉਨ੍ਹਾਂ ਆਪਣਾ ਪਰਿਵਾਰ ਨਾਹਨ ਅਤੇ ਸਮਾਣਾ ਭੇਜ ਦਿੱਤਾ । ਸਢੌਰੇ ਦੇ ਹਾਕਮ ਉਸਮਾਨ ਖਾਨ ਨੇ 21 ਮਾਰਚ, 1704 ਨੂੰ ਪੀਰ ਬੁੱਧੂ ਸ਼ਾਹ ਨੂੰ ਬੜੀ ਬੇਦਰਦੀ ਨਾਲ ਟੋਟੇ-ਟੋਟੇ ਕਰਕੇ ਸ਼ਹੀਦ ਕੀਤਾ ।

ਜਦੋਂ ਬਾਬਾ ਬੰਦਾ ਸਿੰਘ ਬਹਾਦਰ ਪੰਜਾਬ ਵੱਲ ਵਧਿਆ ਤਾਂ ਸਭ ਤੋਂ ਪਹਿਲਾਂ ਉਸ ਨੇ ਸਢੌਰੇ ਦੀ ਇੱਟ ਨਾਲ ਇੱਟ ਖੜਕਾਈ ਅਤੇ ਉਸਮਾਨ ਖਾਨ ਨੂੰ ਮੌਤ ਦੇ ਘਾਟ ਉਤਾਰਿਆ ।

ਇਤਿਹਾਸ ਦੇ ਖੋਜੀ ਤੱਥਾਂ ਮੁਤਾਬਿਕ ਪੀਰ ਜੀ ਦੀ ਅੰਸ਼-ਵੰਸ਼ ਦੇ ਪਰਿਵਾਰ 1947 ਈ: ਵਿੱਚ ਦੇਸ਼ ਦੀ ਵੰਡ ਸਮੇਂ ਪੱਛਮੀ ਪੰਜਾਬ (ਪਾਕਿਸਤਾਨ) ਦੇ ਝੰਗ ਜ਼ਿਲ੍ਹੇ ਜਾ ਵਸੇ । ਪੀਰ ਜੀ ਦੇ ਜੱਦੀ ਘਰ ਦੀ ਖੋਜ ਕਰਕੇ ਹੁਣ ਇਸ ਅਸਥਾਨ ਨੂੰ ਗੁਰਦੁਆਰਾ ਸਾਹਿਬ ਵਿੱਚ ਬਦਲ ਦਿੱਤਾ ਗਿਆ ਹੈ । ਸਮੁੱਚਾ ਸਿੱਖ ਜਗਤ ਅੱਜ ਪੀਰ ਜੀ ਦੇ ਸ਼ਹੀਦੀ ਦਿਨ 'ਤੇ ਪੀਰ ਜੀ ਦੀ ਕੁਰਬਾਨੀ, ਸ਼ਰਧਾ, ਗੁਰੂ ਪਿਆਰ ਪ੍ਰਤੀ ਨਤਮਸਤਕ ਹੋ ਰਿਹਾ ਹੈ।

## ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮੁੱਕੇਬਾਜ਼ਾਂ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਚੈਂਪੀਅਨਸ਼ਿਪ-2026 ਵਿੱਚ ਜਿੱਤੇ 3 ਸੋਨ ਤਗਮੇ





**ਤਲਵੰਡੀ ਸਾਬੋ, 20 ਮਾਰਚ (ਗੁਰਜੰਟ ਸਿੰਘ ਨਥੇਹਾ)**-ਆਲ ਇੰਡੀਆ ਇੰਟਰ ਯੂਨੀਵਰਸਿਟੀ ਮੁੱਕੇਬਾਜ਼ੀ ਚੈਂਪੀਅਨਸ਼ਿਪ-2026 ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮੁੱਕੇਬਾਜ਼ਾਂ ਨੇ 3 ਸੋਨ ਅਤੇ ਇੱਕ ਕਾਂਸੇ ਦਾ ਤਗਮਾ ਜਿੱਤ ਕੇ ਆਪਣੇ ਜ਼ੌਹਰ ਵਿਖਾਏ। ਇਨ੍ਹਾਂ ਵਿੱਚੋਂ ਤਿੰਨ ਖਿਡਾਰੀ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਲਈ ਚੁਣੇ ਗਏ ਜੋ ਕਿ ਯੂਨੀਵਰਸਿਟੀ ਦੀ ਬੜੀ ਸ਼ਲਾਘਯੋਗ ਪ੍ਰਾਪਤੀ ਹੈ। ਇਹ ਖੇਡ ਚੈਂਪੀਅਨਸ਼ਿਪ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ) ਫਗਵਾੜਾ ਵਿਖੇ ਆਯੋਜਿਤ ਕੀਤੀ ਗਈ। ਇਸ ਮੌਕੇ ਵਰਸਿਟੀ ਵਲੋਂ ਖਿਡਾਰੀਆਂ ਦੇ ਸਨਮਾਨ ਲਈ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਰਸਿਟੀ ਦੇ ਪ੍ਰੰਬਧਕੀ ਨਿਰਦੇਸ਼ਕ ਸੁਖਰਾਜ ਸਿੰਘ ਸਿੱਧੂ ਅਤੇ ਵਾਈਸ ਚਾਂਸਲਰ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਵੱਲੋਂ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਡਾਇਰੈਕਟਰ ਸਪੋਰਟਸ (ਡਾ.)ਬਲਵਿੰਦਰ ਸ਼ਰਮਾ, ਕੋਚ ਸਾਹਿਬਾਨ ਅਤੇ ਖੇਡ ਅਧਿਕਾਰੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਵਿਦਿਆਰਥੀਆਂ ਦੀ ਇਸ ਮਾਣਮੱਤੀ ਪ੍ਰਾਪਤੀ ਤੇ ਐਮ.ਡੀ.ਸਿੱਧੂ ਨੇ ਕਿਹਾ ਕਿ ਵਰਸਿਟੀ ਦੀਆਂ ਖਿਡਾਰਨਾਂ ਤੇ ਖਿਡਾਰੀਆਂ ਨੇ ਤਗਮੇ ਜਿੱਤ ਕੇ ਇਲਾਕੇ ਤੇ ਯੂਨੀਵਰਸਿਟੀ ਦਾ ਨਾਂ ਉੱਚਾ ਕੀਤਾ ਹੈ। ਉਨ੍ਹਾਂ ਨੇ ਖੇਡਾਂ ਦੇ ਵਿਕਾਸ ਅਤੇ ਖਿਡਾਰੀਆਂ ਦੇ ਖੇਡ ਕੌਸ਼ਲ ਨੂੰ ਨਿਖਾਰਨ ਲਈ ਯੂਨੀਵਰਸਿਟੀ ਵਲੋਂ ਚੁੱਕੇ ਜਾ ਰਹੇ ਕਦਮਾਂ ਦੀ ਗੱਲ ਵੀ ਕੀਤੀ। ਵਾਈਸ ਚਾਂਸਲਰ ਡਾ. ਧੀਮਾਨ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਲੜਕੀਆਂ ਵਲੋਂ ਜਿੱਤੇ ਸੋਨ ਤਗਮਿਆਂ ਨੇ ਵਰਸਿਟੀ ਦਾ ਸਿਰ ਫ਼ੱਖਰ ਨਾਲ ਉੱਚਾ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਲੜਕੀਆਂ ਲੜਕਿਆਂ ਨਾਲੋਂ ਕਿਸੇ ਵੀ ਪੱਖੋਂ ਘੱਟ ਨਹੀਂ ਹਨ। ਉਨ੍ਹਾਂ ਖਿਡਾਰਨਾਂ ਦੀ ਪ੍ਰਾਪਤੀ ਨੂੰ ਪ੍ਰੇਰਨਾਸਰੋਤ ਦੱਸਿਆ। ਉਨ੍ਹਾਂ ਨੇ ਵਰਸਿਟੀ ਵੱਲੋਂ ਖਿਡਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਖੇਡ ਸਹੂਲਤਾਂ ਅਤੇ ਵਜ਼ੀਫਿਆਂ ਬਾਰੇ ਵੀ ਜਾਣਕਾਰੀ ਦਿੱਤੀ। ਚੈਂਪੀਅਨਸ਼ਿਪ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਸਪੋਰਟਸ ਡਾ. ਸ਼ਰਮਾ ਨੇ ਦੱਸਿਆ ਕਿ ਜੀ.ਕੇ.ਯੂ. ਦੀਆਂ ਖਿਡਾਰਨਾਂ ਪ੍ਰਿਅੰਕਾ ਨੇ 54 ਕਿਲੋ ਭਾਰ ਵਰਗ ਵਿੱਚ ਸੋਨ, ਏਕਤਾ ਦੇ 75 ਕਿਲੋ ਭਾਰ ਵਰਗ ਵਿੱਚ ਸੋਨ ਤੇ ਹਰਪ੍ਰੀਤ ਕੌਰ ਨੇ ਕਾਂਸੇ ਦਾ ਤਗਮਾ ਜਿੱਤਿਆ। ਜਦ ਕਿ ਲਲਿਤਾ ਅਤੇ ਯੋਗਿਤਾ ਚੌਹਾਨ ਨੇ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਲਈ ਕੁਆਲੀਫਾਈ ਕੀਤਾ। ਲੜਕਿਆਂ ਵਿੱਚੋਂ ਵਰਸਿਟੀ ਦੇ ਮੁੱਕੇਬਾਜ਼ ਬੋਬਿਨ ਚੌਹਾਨ ਨੇ 90 ਕਿਲੋ ਭਾਰ ਵਰਗ ਵਿੱਚ ਸੋਨ ਤਗਮੇ ਤੇ ਕਬਜ਼ਾ ਕੀਤਾ। ਜਦਕਿ ਪਰਦੀਪ ਕੁਮਾਰ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਲਈ ਚੁਣਿਆ ਗਿਆ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀਆਂ ਕੋਚ ਰਾਜ ਕੁਮਾਰ ਦੀ ਮਿਹਨਤ, ਖਿਡਾਰੀਆਂ ਦੇ ਸਮਰਪਣ ਅਤੇ ਸਖ਼ਤ ਅਭਿਆਸ ਦਾ ਨਤੀਜਾ ਹੈ ਜੋ ਖਿਡਾਰੀਆਂ ਦੇ ਉਜਵੱਲ ਭਵਿੱਖ ਦੀ ਗਵਾਹੀ ਹਨ।

## ਜੰਡਿਆਲਾ ਗੁਰੂ ਦੇ ਥਾਣਾ ਮਹਿਤਾ ਪੁਲਿਸ ਨੂੰ ਵੱਡੀ ਕਾਮਯਾਬੀ, 4 ਕਿਲੋ 300 ਗ੍ਰਾਮ ਹੈਰੋਇਨ ਤੇ ਸਕਾਰਪੀਓ ਗੱਡੀ ਤੇ 30 ਬੋਰ ਦਾ ਪਿਸਟਲ ਤੇ ਚਾਰ ਜਿੰਦਾ ਰੌਂਦ ਬਰਾਮਦ



**ਜੰਡਿਆਲਾ ਗੁਰੂ 20 ਮਾਰਚ (ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਨਸ਼ਿਆਂ ਦੇ ਖ਼ਿਲਾਫ਼ ਚੱਲ ਰਹੀ ਮੁਹਿੰਮ ਤਹਿਤ ਥਾਣਾ ਜੰਡਿਆਲਾ ਪੁਲਿਸ ਨੂੰ ਇੱਕ ਵੱਡੀ ਕਾਮਯਾਬੀ ਮਿਲੀ ਹੈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਡੀਐਸਪੀ ਰਵਿੰਦਰ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਮਾਨਯੋਗ ਡੀਜੀਪੀ ਪੰਜਾਬ ਅਤੇ ਐਸਐਸਪੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਿਸ ਵੱਲੋਂ ਨਸ਼ਾ ਤਸਕਰੀ ਖ਼ਿਲਾਫ਼ ਵਿਸ਼ੇਸ਼ ਅਭਿਆਨ ਚਲਾਇਆ ਜਾ ਰਿਹਾ ਹੈ ।ਉਨ੍ਹਾਂ ਦੱਸਿਆ ਕਿ ਥਾਣਾ ਮਹਿਤਾ ਦੇ ਇੰਚਾਰਜ ਹਰਪਾਲ ਸਿੰਘ ਅਤੇ ਉਨ੍ਹਾਂ ਦੀ ਟੀਮ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਤਿੰਨ ਵਿਅਕਤੀ ਸਕੋਰਪੀਓ ਗੱਡੀ ਵਿੱਚ ਹੈਰੋਇਨ ਦੀ ਵੱਡੀ ਖੇਪ ਲੈ ਕੇ ਜਾ ਰਹੇ ਹਨ। ਇਸ ਸੂਚਨਾ ਦੇ ਆਧਾਰ 'ਤੇ ਪੁਲਿਸ ਵੱਲੋਂ ਨਾਕਾਬੰਦੀ ਕੀਤੀ ਗਈ। ਜਦੋਂ ਸ਼ੱਕੀ ਗੱਡੀ ਨੂੰ ਰੋਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਦੋਸ਼ੀਆਂ ਨੇ ਗੱਡੀ ਭਜਾਉਣ ਦੀ ਕੋਸ਼ਿਸ਼ ਕੀਤੀ ।ਪੁਲਿਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਗੱਡੀ ਦਾ ਪਿੱਛਾ ਕੀਤਾ ਅਤੇ ਬਿਆਸ ਨੇੜਲੇ ਪਿੰਡ ਜਮਾਲਪੁਰ ਵਿੱਚ ਘੇਰਾਬੰਦੀ ਕਰਕੇ ਦੋਸ਼ੀਆਂ ਨੂੰ ਕਾਬੂ ਕਰ ਲਿਆ। ਇਸ ਦੌਰਾਨ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਗੱਡੀ ਦੀ ਤਲਾਸ਼ੀ ਲਈ ਗਈ, ਜਿਸ ਵਿੱਚੋਂ 4 ਕਿਲੋ 300 ਗ੍ਰਾਮ ਹੈਰੋਇਨ, ਇੱਕ 30 ਬੋਰ ਪਿਸਟਲ ਅਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ।ਗ੍ਰਿਫ਼ਤਾਰ ਦੋਸ਼ੀਆਂ ਦੀ ਪਹਿਚਾਣ ਲਵਪ੍ਰੀਤ ਸਿੰਘ, ਸਿਮਰਪ੍ਰੀਤ ਸਿੰਘ ਅਤੇ ਬਲਦੇਵ ਸਿੰਘ ਵਜੋਂ ਹੋਈ ਹੈ। ਪੁਲਿਸ ਅਨੁਸਾਰ ਦੋ ਦੋਸ਼ੀ "ਕੋਟ ਹਿਰਦੇ" ਨਾਲ ਸੰਬੰਧਿਤ ਹਨ, ਜਦਕਿ ਤੀਸਰੇ ਦੋਸ਼ੀ ਬਾਰੇ ਹੋਰ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ ।ਡੀਐਸਪੀ ਨੇ ਦੱਸਿਆ ਕਿ ਹੁਣ ਦੋਸ਼ੀਆਂ ਤੋਂ ਪੁੱਛਗਿੱਛ ਕਰਕੇ ਇਹ ਪਤਾ ਲਗਾਇਆ ਜਾਵੇਗਾ ਕਿ ਇਹ ਨਸ਼ਾ ਕਿੱਥੋਂ ਲਿਆਂਦਾ ਗਿਆ ਸੀ, ਕਿਸ ਨੂੰ ਸਪਲਾਈ ਕਰਨਾ ਸੀ ਅਤੇ ਇਸ ਦੇ ਪਿੱਛੇ ਕੌਣ-ਕੌਣ ਸ਼ਾਮਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅੰਤਰਰਾਸ਼ਟਰੀ ਪੱਧਰ 'ਤੇ ਇਸ ਨਸ਼ੇ ਦੀ ਕੀਮਤ ਕਰੀਬ 20 ਕਰੋੜ ਰੁਪਏ ਅੰਕਲਨ ਕੀਤੀ ਜਾ ਰਹੀ ਹੈ ।ਪੁਲਿਸ ਅਧਿਕਾਰੀਆਂ ਨੇ ਇਹ ਵੀ ਦੱਸਿਆ ਕਿ ਸਰਹੱਦੀ ਇਲਾਕਿਆਂ ਵਿੱਚ ਡਰੋਨ ਰਾਹੀਂ ਨਸ਼ਾ ਭੇਜਣ ਦੇ ਮਾਮਲੇ ਵਧ ਰਹੇ ਹਨ ਅਤੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾ ਰਹੀ ਹੈ। ਪੰਜਾਬ ਪੁਲਿਸ 24 ਘੰਟੇ ਨਸ਼ਾ ਤਸਕਰੀ ਦੇ ਖ਼ਿਲਾਫ਼ ਮੁਹਿੰਮ ਵਿੱਚ ਜੁਟੀ ਹੋਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀਆਂ ਕਾਰਵਾਈਆਂ ਦੀ ਸੰਭਾਵਨਾ ਹੈ ! ਪੁਲਿਸ ਅਧਿਕਾਰੀਆਂ ਨੇ ਅੱਗੇ ਕਿਹਾ ਕਿ ਅਫ਼ਵਾਹਾਂ ਫੈਲਾਈਆਂ ਜਾ ਰਹੀਆਂ ਹਨ ਕਿ ਫੜਿਆ ਗਿਆ ਲਵਪ੍ਰੀਤ ਸਿੰਘ ਕਿਸੇ ਪਿੰਡ ਦਾ ਸਰਪੰਚ ਹੈ ਅਤੇ ਇਹ ਵੀ ਪਤਾ ਲਗਾਇਆ ਜਾ ਰਿਹਾ ਹੈ ਕਿ ਲਵਪ੍ਰੀਤ ਸਿੰਘ ਦੇ ਪਰਿਵਾਰ ਵਿੱਚੋਂ ਕੌਣ ਸਰਪੰਚ ਹੈ ਅਤੇ ਖਾਸਕਰ ਕੀ ਇਹ ਆਦਮੀ ਪਾਰਟੀ ਦਾ ਸਰਪੰਚ ਸੀ ਇਸ ਦੀ ਜਾਂਚ ਵੀ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿਆਰੇ ਬੱਚੇ ਹਰੀ ਸਿੰਘ ਲਈ ਦਿਲੋਂ ਅਰਦਾਸ

• ਰੱਬੀ ਨੂਰ ਕੋਈ ਵਰਸਦਾ ਏ ਮੁੱਖ ਉੱਤੇ,
ਤੈਥੋਂ ਜਾਵਾਂ ਕਈ ਵਾਰ ਬਲਿਹਾਰ ਚੰਨਾ।
ਤੇਰੇ ਨੈਣਾਂ 'ਚ ਸੂਰਜ ਦੀ ਲੋਅ ਚਮਕੇ,
ਤੇਰੇ ਦਿਲ ਵਿੱਚ ਵਸੇ ਕਰਤਾਰ ਚੰਨਾ।

ਜਾਪੇ ਨਿਰਾ ਹੀ ਨੂਰ ਨਿਰੰਕਾਰ ਦਾ ਵੇ,
ਐਸੀ ਮੱਥੇ ਤੇ ਕਿਰਪਾ ਅਪਾਰ ਚੰਨਾ।
ਸੇਵਾ-ਸਿਮਰਨ ਦੀ ਗੁੜ੍ਹਤੀ ਮਿਲੀ ਤੈਨੂੰ,
ਤੇਰਾ ਗੁਰੂ ਨਾਲ ਗੂੜਾ ਪਿਆਰ ਚੰਨਾ।

ਤੇਰੇ ਸਾਹਾਂ ਵਿੱਚ ਨਾਮ ਦੀ ਮਹਿਕ ਹੋਵੇ,
ਬਾਣੀ ਬਣੇ ਤੇਰਾ ਅਸਲ ਸ਼ਿੰਗਾਰ ਚੰਨਾ।
ਤੇਰੀਆਂ ਬਾਹਾਂ 'ਚ ਬਲ ਹੋਵੇ ਖਾਲਸਾਈ,
ਚਾਲ ਵਿੱਚ ਸ਼ੇਰਾਂ ਵਰਗੀ ਲਲਕਾਰ ਚੰਨਾ।

ਤੇਰੀ ਧੜਕਣ ਵਿੱਚ ਅਨਹਦ ਨਾਦ ਵੱਜਣ,
ਚਮਕੇ ਨਾਮ ਤੇਰਾ ਚਹੁੰ ਪਾਸਾਰ ਚੰਨਾ।
ਬੋਲੀ ਤੇਰੀ ਵਿੱਚ ਅੰਮ੍ਰਿਤ ਦਾ ਰਸ ਹੋਵੇ,
ਮਿੱਠੇ ਸ਼ਹਿਦ ਜਿਹੇ ਬੋਲ ਉਚਾਰ ਚੰਨਾ।

ਕੀਰਤਨ ਤੇਰਾ ਗੂੰਜੇ ਅਕਾਸ਼ ਤੀਕਰ,
ਵਾਹ ਵਾਹ ਕਰੇ ਸਾਰਾ ਸੰਸਾਰ ਚੰਨਾ।
ਤੇਰੇ ਹਿਰਦੇ ਵਿੱਚ ਗੁਰਮਤ ਗਿਆਨ ਹੋਵੇ,
ਮਿਟੇ ਅਗਿਆਨ ਅਤੇ ਅੰਧਕਾਰ ਚੰਨਾ।

ਤੇਰੀ ਰੂਹ ਰਹੇ ਨਾਮ ਵਿੱਚ ਰੰਗੀ ਹੋਈ,
ਚੜ੍ਹਦੀ ਕਲਾ ਦੀ ਕਰੇਂ ਵਿਚਾਰ ਚੰਨਾ।
ਰੰਗ ਰੱਤਿਆਂ ਦੀ 'ਪ੍ਰੀਤ' ਮਿਲੇ ਹਰੀ ਸਿੰਘ ਨੂੰ,
'ਮਨਦੀਪ' ਵੱਲੋਂ ਅਸੀਸਾਂ ਤੇ ਪਿਆਰ ਚੰਨਾ।







ਮਨਦੀਪ ਕੌਰ ਪ੍ਰੀਤ, ਮੁਕੇਰੀਆਂ

## ਬਦਲੀਆਂ



ਦੋਸਤੋ, ਦੁਨੀਆਂ ਵਿੱਚ ਕਈ ਵੱਡੇ ਡਰ ਹਨ ਜਿਵੇਂ ਪੈਸੇ ਖੁੱਸਣ ਦਾ ਡਰ , ਬਦਨਾਮੀ ਹੋਣ ਦਾ ਡਰ , ਸਟੇਜ ਤੇ ਬੋਲਣ ਦਾ ਡਰ ਪਰ ਸਭ ਤੋਂ ਵੱਡਾ ਡਰ ਮੌਤ ਦਾ ਹੁੰਦਾ । ਇੱਕ ਹੋਰ ਵੱਡਾ ਡਰ ਜੋ ਸਾਨੂੰ ਨਜ਼ਰ ਨਹੀਂ ਆਉਂਦਾ ,ਉਹ ਡਰ ਸਰਕਾਰ ਦਾ ਸਭ ਤੋਂ ਵੱਡਾ ਹਥਿਆਰ ਅਤੇ ਮੁਲਾਜ਼ਮਾਂ ਦੀ ਸਭ ਤੋਂ ਵੱਡੀ ਕਮਜ਼ੋਰੀ ," ਉਸ ਡਰ ਨੂੰ ਮੁਲਾਜ਼ਮਾਂ ਦੀ ਬਦਲੀ ਕਿਹਾ ਜਾਂਦਾ

ਸਰਕਾਰ ਕੋਲ ਸਭ ਤੋਂ ਵੱਡਾ ਹਥਿਆਰ ਕਿ ਜੇਕਰ ਮੁਲਾਜ਼ਮ ਸਰਕਾਰ ਦਾ ਗਲਤ ਹੁਕਮ ਨਾ ਮੰਨੇ ਜਾਂ ਫਿਰ ਨਿਯਮ ਦੱਸਣ ਲੱਗ ਜਾਵੇ ਤਾਂ ਸਰਕਾਰ ਕਹਿੰਦੀ ਬਦਲੀ ਦੀ ਤਿਆਰੀ ਕਰੋ । ਉਸ ਤੋਂ ਖਤਰਨਾਕ ਹੁੰਦਾ ਜਦੋਂ ਕੋਈ ਸਰਕਾਰ ਬਦਲੀ ਹੁੰਦੀ ਜਾਂ ਮੰਤਰੀ ਸੰਤਰੀ ਬਦਲੀ ਹੁੰਦੇ ਤਾਂ ਸਭ ਤੋਂ ਪਹਿਲਾਂ ਬਿਨਾਂ ਸੋਚੇ ਹੀ ਥੋਕ ਵਿੱਚ ਬਦਲੀਆਂ ਕਰ ਦਿੰਦੇ ।

ਕਈ ਮੰਤਰੀ ਸੰਤਰੀ ਤਾਂ ਬਦਲੀਆਂ ਕਰਨ ਨੂੰ ਸਭ ਤੋਂ ਵੱਡੀ ਪ੍ਰਾਪਤੀ ਸਮਝਦੇ ਪਰ ਅਸਲ ਵਿੱਚ ਬਦਲੀਆਂ ਮੰਤਰੀਆਂ ਸੰਤਰੀਆਂ ਦੀ ਸੋਨੇ ਦੀ ਖਾਣ ਹੁੰਦੀ ਜਿਸ ਤੋਂ ਰੱਜ ਕੇ ਫ਼ਾਇਦਾ ਉਠਾਉਂਦੇ ।ਯਾਦ ਰੱਖੋ ਬਦਲੀਆਂ ਕਰਨਾ ਮੰਤਰੀਆਂ ਦਾ ਸਿੱਧਾ ਅਧਿਕਾਰ ਨਹੀਂ ਸਗੋਂ ਪ੍ਰਬੰਧਕੀ ਸਿਸਟਮ ਦਾ ਅਧਿਕਾਰ ਹੈ

ਆਵਾਜ਼ਿ ਕੌਮ AWAZE QAUM International Newspaper & WEB TV

ਨੌਕਰੀ ਦੌਰਾਨ ਇੱਕ ਸਿਹਤ ਮੰਤਰੀ ਨੂੰ ਮੈਂ ਤਾਂ ਬਦਲੀ ਮੰਤਰੀ ਹੀ ਕਹਿੰਦਾ ਸੀ ਕਿਉਂਕਿ ਉਸ ਸਿਹਤ ਮੰਤਰੀ ਨੇ ਬਦਲੀਆਂ ਤੋਂ ਇਲਾਵਾ ਸ਼ਾਇਦ ਕੋਈ ਹੋਰ ਖਾਸ ਕੰਮ ਕੀਤਾ ਹੀ ਨਹੀਂ ਸੀ ਮੁਲਾਜ਼ਮਾਂ ਨੂੰ ਸਮਝਣਾ ਚਾਹੀਦਾ ਕਿ ਬਦਲੀ ਕੋਈ ਸਜ਼ਾ ਨਹੀਂ ਸਗੋਂ ਨਵਾਂ ਮੌਕਾ ਹੁੰਦਾ। ਮੈਂ ਹਮੇਸ਼ਾ ਕਹਿੰਦਾ ਸੀ " ਬਦਲੀ ਨਵੇਂ ਥਾਂ ਕੰਮ ਕਰਨ ਦਾ ਨਵਾਂ ਮੌਕਾ ਹੁੰਦਾ ।" ਪਰ ਬਾਰ ਬਾਰ ਸਰਕਾਰ ਵੱਲੋਂ ਬਦਲੀਆਂ ਕਈ ਵਾਰ ਸਜ਼ਾ ਬਣ ਜਾਂਦੀਆਂ ਤੇ ਮੁਲਾਜ਼ਮ ਤੋਂ ਇਲਾਵਾ ਮਹਿਕਮੇ ਦੇ ਕੰਮ ਵਿੱਚ ਅੜਿੱਕਾ ਬਣ ਜਾਂਦੀਆਂ ।

ਯਾਦ ਰੱਖੋ ਡਰ ਕੇ ਕੀਤਾ ਹੋਇਆ ਕੰਮ ਬੇਈਮਾਨੀ ਹੁੰਦੀ

ਇਸ ਕਰਕੇ ਮੁਲਾਜ਼ਮਾਂ ਨੂੰ ਬਦਲੀ ਦੇ ਡਰ ਤੋਂ ਬਗੈ.ਰ, ਨਿਯਮਾਂ ਮੁਤਾਬਕ ਕੰਮ ਕਰਨਾ ਚਾਹੀਦਾ । ਇਸ ਨਾਲ ਜਿਥੇ ਮਹਿਕਮੇ ਦਾ ਕੰਮ ਵਧੀਆ ਹੋਵੇਗਾ , ਉਥੇ ਮੁਲਾਜ਼ਮਾਂ ਦੀ ਇਮਾਨਦਾਰੀ ਕਾਇਮ ਰਹੇਗੀ ਅਤੇ ਨੇਤਾਵਾਂ ਦੀਆਂ ਵਧੀਕੀਆਂ ਤੇ ਵੀ ਕੁਝ ਬੰਦਸ਼ ਲੱਗੇਗੀ

ਇਸੇ ਤਰ੍ਹਾਂ ਧਰਮ ਜੀਵਨ ਜਾਚ ਹੈ , ਉਸ ਦੀ ਪ੍ਰੈਕਟਿਸ ਕਰਨੀ ਚਾਹੀਦੀ, ਨਾ ਕਿ ਰੱਬ ਤੋਂ ਡਰ ਡਰ ਕੇ ਮੱਸਿਆ ,ਸੰਗਰਾਂਦ , ਯਾਤਰਾਵਾਂ, ਲੰਗਰ, ਚੜ੍ਹਾਵੇ , ਪਾਠ ਪੂਜਾ ਕਰਨ ਤੇ ਜ਼ੋਰ ਦੇਣਾ ਚਾਹੀਦਾ ਪਰ ਲੋੜਵੰਦ ਦੀ ਮਦਦ ਕਰਨਾ ਇਨਸਾਨੀਅਤ ਹੈ

ਲੋੜ ਮੁਤਾਬਕ ਬਦਲੀਆਂ ਕਰਨਾ ਸਰਕਾਰ ਦਾ ਹੱਕ ਪਰ ਪੈਸੇ ਲੈ ਕੇ ਅਤੇ ਚੇਲਿਆਂ ਨੂੰ ਖੁਸ਼ ਕਰਨ ਲਈ ਬਦਲੀਆਂ ਕਰਨਾ , ਸਰਕਾਰੀ ਬੇਈਮਾਨੀ ਅਤੇ ਠੱਗੀ ਦੇ ਨਾਲ ਨਾਲ ਸਰਕਾਰੀ ਨਿਯਮਾਂ ਦੀ ਉਲ਼ੰਘਣਾ ਵੀ ਹੈ । ਇਸੇ ਕਰਕੇ ਕਈ ਵਾਰ ਕੋਰਟਾਂ ਵਿੱਚ ਬਦਲੀਆਂ ਤੇ ਰੋਕ ਲੱਗ ਜਾਂਦੀ

ਮੁਲਾਜ਼ਮਾਂ ਨੂੰ ਨੇਤਾਵਾਂ ਦੇ ਬਦਲੀਆਂ ਦੇ ਹਥਿਆਰ ਨੂੰ ਖੁੰਡਾ ਕਰਨ ਲਈ , ਬਦਲੀ ਦਾ ਡਰ ਛੱਡ ਕੇ ਨਿਯਮਾਂ ਤੇ ਪਹਿਰਾ ਦੇਣਾ ਚਾਹੀਦਾ। ਜੋ ਮੁਲਾਜ਼ਮਾਂ ਦੀ ਜਿੰਮੇਵਾਰੀ ਅਤੇ ਇਮਾਨਦਾਰੀ ਵੀ ਹੈ

ਨਾਲੇ ਯਾਦ ਰੱਖੋ ਜੋ ਮੁਲਾਜ਼ਮ ਜਿਉਂਦੇ ਜੀਅ ਹੀ ਮੁਰਦੇ ਦੀ ਜ਼ਿੰਦਗੀ ਜੀਅ ਰਿਹਾ , ਉਸ ਤੋਂ ਵੱਡੀ ਬੇਈਮਾਨੀ ਹੋਰ ਕੀ ਹੋ ਸਕਦੀ ?

ਲੋਕਾਂ ਨੂੰ ਸਿਖਾਉਣ ਵਾਲੇ ( ਮੁਲਾਜ਼ਮ) , ਸਿੱਖਣ ਵਾਲੇ ( ਜਨਤਾ ) ਤੇ ਸਿੱਖਣ ਸਿਖਾਉਣ ਵਾਲਿਆਂ ਤੇ ਨਜ਼ਰ ਰੱਖਣ ਵਾਲੇ ( ਨੇਤਾ ) ਜੇ ਸਾਰੇ ਹੀ ਡਰ ਥੱਲੇ ਜਿਉਂਦੇ ਤਾਂ ਫਿਰ ਇਨਸਾਨੀਅਤ ਕਿਥੇ ?

ਹੱਲ ਕੀ ?

ਜੇਕਰ ਮੁਲਾਜ਼ਮ ਬਦਲੀ, ਨੇਤਾ ਚੋਣਾਂ ਹਾਰਨ ਤੇ ਲੋਕ ਧਰਮ ਦੇ ਡਰ ਤੋਂ ਉੱਪਰ ਉੱਠ ਜਾਣ ਤਾਂ ਦੇਸ਼ ਸਦਾ ਲਈ ਤਰੱਕੀ ਦੇ ਰਾਹ ਤੇ ਚੜ੍ਹ ਜਾਵੇਗਾ ।

**-ਡਾ. ਦਲੇਰ ਸਿੰਘ ਮੁਲਤਾਨੀ, ਸਿਵਲ ਸਰਜਨ ( ਰਿਟਾ ), 9814127296, 7717319896**

## ਅੱਡਾ ਭੋਏਂ ਦੇ ਲੰਗਰ ਹਾਲ ਵਿਖੇ ਮੱਸਿਆ ਦੇ ਦਿਹਾੜੇ ਤੇ ਲੰਗਰ ਲਗਾਇਆ ਗਿਆ




**ਚੌਕ ਮਹਿਤਾ, 21 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੰਮ੍ਰਿਤਸਰ ਤੋਂ ਮਹਿਤਾ ਰੋਡ ਤੇ ਸਥਿਤ ਅੱਡਾ ਭੋਏਂ ਵਿਖੇ ਛੋਟੇ ਸਾਹਿਬਜ਼ਾਦਿਆਂ ਦੀ ਯਾਦ ਵਿੱਚ ਬਣਾਏ ਗਏ ਲੰਗਰ ਹਾਲ ਵਿਖੇ ਅੱਜ ਮੱਸਿਆ ਦੇ ਦਿਹਾੜੇ ਤੇ ਲੰਗਰ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਰਿੰਦਰ ਸਿੰਘ ਬਾਠ ਨੇ ਦੱਸਿਆ ਕਿ ਇਹ ਲੰਗਰ ਪਿਛਲੇ 40 ਸਾਲ ਤੋਂ ਪਿੰਡ ਭੋਏ ਦੀ ਸੰਗਤ ਅਤੇ ਐਨ.ਆਰ.ਆਈ ਵੀਰਾਂ ਵੱਲੋਂ ਲਗਾਇਆ ਜਾਂਦਾ ਹੈ। ਇਸ ਮੌਕੇ ਸਾਬਕਾ ਸਰਪੰਚ ਕੁਲਵੰਤ ਸਿੰਘ, ਨਰਿੰਦਰ ਸਿੰਘ ਭੋਏ, ਕੈਪਟਨ ਜਗੀਰ ਸਿੰਘ, ਗੁਰਦਿਆਲ ਸਿੰਘ, ਨਿਸ਼ਾਨ ਸਿੰਘ, ਮਹਿੰਗਾ ਸਿੰਘ, ਬਲਜੀਤ ਸਿੰਘ ਕੈਸ਼ੀਅਰ, ਪਰਮਜੀਤ ਸਿੰਘ, ਸ਼ਰਨਜੀਤ ਸਿੰਘ ਦੁਬਈ,ਅਕਾਸ਼ ਸਿੰਘ, ਸੇਵਾ ਸਿੰਘ ਸਾਬਕਾ ਮੈਂਬਰ ਪੰਚਾਇਤ, ਸੁੱਚਾ ਸਿੰਘ, ਬਘੇਲ ਸਿੰਘ,ਸੱਤਾ ਸਿੰਘ,ਛਿੰਦਾ ਸਿੰਘ, ਸੰਨੀ ਡਰਾਈਵਰ,ਲਾਡਾ ਸਿੰਘ ਦੁਬਈ,ਦਿਲਬਾਗ ਸਿੰਘ ਜਰਮਨੀ,ਮੰਗਲ ਸਿੰਘ, ਬਲਬੀਰ ਸਿੰਘ,ਰਾਜੂ ਟੈਂਕੀ ਵਾਲਾ,ਮੰਗਾ ਸਿੰਘ, ਨਰਿੰਦਰ ਸਿੰਘ, ਫੁੰਮਣ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## 22 ਮਾਰਚ ਨੂੰ ਵਿਸ਼ਵ ਜਲ ਦਿਵਸ ਮੌਕੇ ਨਗਰ ਨਿਗਮ ਵੱਲੋਂ ਹੋਵੇਗਾ ਵਾਕਾਥਾਨ ਦਾ ਆਯੋਜਨ

**ਅੰਮ੍ਰਿਤਸਰ, 20 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਨਗਰ ਨਿਗਮ ਵਿਸ਼ਵ ਜਲ ਦਿਵਸ ਦੇ ਮੌਕੇ 'ਤੇ ਪਾਣੀ ਦੀ ਸੰਭਾਲ ਅਤੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਾਕਾਥਾਨ ਦਾ ਆਯੋਜਨ ਕਰ ਰਿਹਾ ਹੈ। ਇਹ ਵਾਕਾਥਨ ਐਤਵਾਰ 22 ਮਾਰਚ 2026 ਨੂੰ ਸਵੇਰੇ 6:00 ਵਜੇ ਤੋਂ ਸਵੇਰੇ 9:00 ਵਜੇ ਤੱਕ ਪਾਈਟੈਕਸ ਮੇਲਾ ਗਰਾਊਂਡ, ਰਣਜੀਤ ਐਵੀਨਿਊ, ਡੀ ਬਲਾਕ ਵਿਖੇ ਆਯੋਜਿਤ ਕੀਤਾ ਜਾਵੇਗਾ। ਇਸ ਸਮਾਗਮ ਬਾਰੇ ਜਾਣਕਾਰੀ ਦਿੰਦੇ ਹੋਏ ਕੁਲਦੀਪ ਸਿੰਘ ਸੈਣੀ, ਪ੍ਰੋਜੈਕਟ ਮੈਨੇਜਰ, ਪੰਜਾਬ ਮਿਊਨਿਸਿਪਲ ਸਰਵਿਸਿਜ਼ ਇੰਪ੍ਰੂਵਮੈਂਟ ਪ੍ਰੋਜੈਕਟ ਨੇ ਦੱਸਿਆ ਕਿ ਇਸ 3.5 ਕਿਲੋਮੀਟਰ ਲੰਬੇ ਵਾਕਾਥਾਨ ਦਾ ਉਦੇਸ਼ ਸ਼ਹਿਰ ਵਾਸੀਆਂ ਨੂੰ ਪਾਣੀ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਪਾਣੀ ਦੀ ਸੰਭਾਲ ਲਈ ਸਮੂਹਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਪਾਣੀ ਦੀ ਸੰਭਾਲ ਦੇ ਸੰਦੇਸ਼ ਨੂੰ ਫੈਲਾਉਣ ਵਿੱਚ ਮਦਦ ਕਰਨ ਦੀ ਅਪੀਲ ਕੀਤੀ। ਸਮਾਗਮ ਦੌਰਾਨ, ਭਾਗੀਦਾਰਾਂ ਨੂੰ ਪਾਣੀ ਦੀ ਸੰਭਾਲ, ਪਾਣੀ ਦੀ ਵਰਤੋਂ ਅਤੇ ਵਾਤਾਵਰਣ ਸੁਰੱਖਿਆ ਬਾਰੇ ਜਾਗਰੁਕ ਕੀਤਾ ਜਾਵੇਗਾ। ਵਾਕਾਥਾਨ ਵਿੱਚ ਹਿੱਸਾ ਲੈਣ ਲਈ, ਸ਼ਹਿਰ ਵਾਸੀ ਇਸ ਕਿਊ ਆਰ ਕੋਡ ਨੂੰ ਸਕੈਨ ਕਰਕੇ ਰਜਿਸਟਰ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿਖੇ

## ਯੂ.ਕੇ.ਜੀ ਬੱਚਿਆਂ ਦਾ ਗ੍ਰੈਜੂਏਸ਼ਨ ਸਮਾਰੋਹ ਖੁਸ਼ੀ ਨਾਲ ਮਨਾਇਆ ਗਿਆ




**ਤਲਵੰਡੀ ਸਾਬੋ, 20 ਮਾਰਚ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਸਕੂਲ ਵਿੱਚ ਯੂ.ਕੇ.ਜੀ ਕਲਾਸ ਦੇ ਨੰਨੇ-ਮੁੰਨੇ ਬੱਚਿਆਂ ਦਾ ਗ੍ਰੈਜੂਏਸ਼ਨ ਸਮਾਰੋਹ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਆਪਣੇ ਪ੍ਰੀ-ਪ੍ਰਾਇਮਰੀ ਪੜਾਅ ਨੂੰ ਸਫਲਤਾਪੂਰਵਕ ਪੂਰਾ ਕਰਕੇ ਪ੍ਰਾਇਮਰੀ ਕਲਾਸਾਂ ਵਿੱਚ ਕਦਮ ਰੱਖਣ ਦੀ ਖੁਸ਼ੀ ਮਨਾਈ। ਇਸ ਪ੍ਰੋਗਰਾਮ ਦੀ ਸ਼ੁਰੂਆਤ ਦੀਪ ਪ੍ਰਵਜਲਣ ਕਰਕੇ ਕੀਤੀ ਗਈ। ਸਕੂਲ ਦੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਜੀ ਨੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਇਹ ਪਹਿਲੀ ਉਪਲਬਧੀ ਉਨ੍ਹਾਂ ਦੇ ਭਵਿੱਖ ਲਈ ਮਜ਼ਬੂਤ ਨੀਂਹ ਸਾਬਤ ਹੋਵੇਗੀ। ਇਸ ਮੌਕੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਵੇਂ ਕਿ ਕਵਿਤਾ ਗਾਇਨ ਅਤੇ ਡਾਂਸ ਆਦਿ ਜਿਨ੍ਹਾਂ ਨੇ ਸਭ ਦਾ ਮਨ ਮੋਹ ਲਿਆ। ਨੰਨੇ ਬੱਚੇ ਗ੍ਰੈਜੂਏਸ਼ਨ ਗਾਊਨ ਅਤੇ ਕੈਪ ਪਹਿਨ ਕੇ ਬਹੁਤ ਸੋਹਣੇ ਲੱਗ ਰਹੇ ਸਨ। ਬੱਚਿਆਂ ਦੇ ਇਸ ਵਿਸ਼ੇਸ਼ ਸਮਾਗਮ ਵਿੱਚ ਮਾਪਿਆਂ ਨੇ ਬੜੇ ਹੀ ਉਤਸ਼ਾਹ ਨਾਲ ਹਿੱਸਾ ਲਿਆ। ਸਮਾਰੋਹ ਦੌਰਾਨ ਬੱਚਿਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ ਨੇ ਵਿਦਿਆਰਥੀਆਂ ਅਤੇ ਮਾਪਿਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਬੱਚਿਆਂ ਦੀ ਪ੍ਰਗਤੀ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਅਤੇ ਅਧਿਆਪਕਾਂ ਦੁਆਰਾ ਕੀਤੀ ਮਿਹਨਤ ਦੀ ਸ਼ਲਾਘਾ ਕੀਤੀ ਜਿਸ ਸਦਕਾ ਇਹ ਪ੍ਰੋਗਰਾਮ ਸਫਲਤਾਪੂਰਵਕ ਪੂਰਾ ਹੋਇਆ। ਵਿਦਿਆਰਥੀਆਂ ਨੇ ਬਹੁਤ ਹੀ ਅਨੁਸ਼ਾਸਨ ਵਿੱਚ ਅਤੇ ਸੁੱਚਜੇ ਢੰਗ ਨਾਲ ਹਿੱਸਾ ਲਿਆ ।ਇਹ ਸਮਾਰੋਹ ਬੱਚਿਆਂ ਅਤੇ ਮਾਪਿਆਂ ਲਈ ਬਹੁਤ ਹੀ ਯਾਦਗਾਰ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ, ਸਕੂਲ ਦੇ ਪ੍ਰਧਾਨ ਸ੍ਰੀ ਲਗਨ ਖੁਰਾਣਾ, ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਸੀਨੀਅਰ ਕੋਆਰਡੀਨੇਟਰ ਬੇਅੰਤ ਕੌਰ, ਜੂਨੀਅਰ ਕੋਆਰਡੀਨੇਟਰ ਕਿਰਨਦੀਪ ਕੌਰ, ਅਨੂ ਬਾਲਾ, ਕੁਲਵਿੰਦਰ ਕੌਰ, ਸ਼ਾਲੂ, ਕਰਮਜੀਤ ਕੌਰ, ਡਿੰਪਲ, ਸਿੰਪਲ, ਰਿਪਤਾ, ਲਵਪ੍ਰੀਤ ਸਿੰਘ, ਪਰਮਿੰਦਰ ਕੌਰ, ਜਤਿੰਦਰ ਕੌਰ, ਕਿਰਨਦੀਪ ਕੌਰ ਅਤੇ ਸਕੂਲ ਦਾ ਸਟਾਫ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਛੱਤੀਸਗੜ੍ਹ ਵਿਧਾਨ ਸਭਾ ਨੇ

# ਜ਼ਬਰਦਸਤੀ ਧਰਮ ਪਰਿਵਰਤਨ ਵਿਰੁੱਧ ਕੀਤਾ ਬਿੱਲ ਪਾਸ, ਉਮਰ ਕੈਦ ਦੀ ਵਿਵਸਥਾ ਸ਼ਾਮਲ



**ਨਵੀਂ ਦਿੱਲੀ 20 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਛੱਤੀਸਗੜ੍ਹ ਸਰਕਾਰ ਨੇ ਬੀਤੇ ਦਿਨ ਵਿਧਾਨ ਸਭਾ ਵਿੱਚ "ਜ਼ਬਰਦਸਤੀ, ਭਰਮਾਉਣ, ਧੋਖਾਧੜੀ ਜਾਂ ਗਲਤ ਜਾਣਕਾਰੀ" ਰਾਹੀਂ ਕੀਤੇ ਜਾਣ ਵਾਲੇ ਧਰਮ ਪਰਿਵਰਤਨ ਨੂੰ ਰੋਕਣ ਲਈ ਇੱਕ ਬਿੱਲ ਪਾਸ ਕੀਤਾ। ਬਿੱਲ ਵਿੱਚ "ਸਮੂਹਿਕ ਧਰਮ ਪਰਿਵਰਤਨ" ਦੇ ਮਾਮਲਿਆਂ ਵਿੱਚ ਉਮਰ ਕੈਦ ਸਮੇਤ ਸਖ਼ਤ ਪ੍ਰਬੰਧ ਸ਼ਾਮਲ ਹਨ। ਛੱਤੀਸਗੜ੍ਹ ਧਰਮ ਆਜ਼ਾਦੀ ਬਿੱਲ, 2026 ਨੂੰ ਉਪ ਮੁੱਖ ਮੰਤਰੀ ਅਤੇ ਗ੍ਰਹਿ ਮੰਤਰੀ ਵਿਜੇ ਸ਼ਰਮਾ ਦੁਆਰਾ ਪੇਸ਼ ਕੀਤਾ ਗਿਆ ਸੀ। ਪ੍ਰਸਤਾਵਿਤ ਕਾਨੂੰਨ ਦਾ ਉਦੇਸ਼ 1968 ਦੇ ਛੱਤੀਸਗੜ੍ਹ ਧਰਮ ਆਜ਼ਾਦੀ ਐਕਟ ਨੂੰ ਬਦਲਣਾ ਹੈ। ਵਿਰੋਧੀ ਧਿਰ ਕਾਂਗਰਸ ਦੇ ਵਿਧਾਇਕਾਂ ਨੇ ਬਿੱਲ ਪੇਸ਼ ਕਰਨ ਤੋਂ ਪਹਿਲਾਂ ਇਸਨੂੰ ਚੋਣ ਕਮੇਟੀ ਕੋਲ ਭੇਜਣ ਦੀ ਮੰਗ ਰੱਦ ਹੋਣ ਤੋਂ ਬਾਅਦ ਸਦਨ ਵਿੱਚੋਂ ਵਾਕਆਊਟ ਕਰ ਦਿੱਤਾ। ਨਵੇਂ ਬਿੱਲ ਦੇ ਤਹਿਤ, ਜੋ ਵਿਅਕਤੀ ਆਪਣਾ ਧਰਮ ਬਦਲਣਾ ਚਾਹੁੰਦਾ ਹੈ, ਉਸਨੂੰ ਸਬੰਧਤ ਅਥਾਰਟੀ – ਜ਼ਿਲ੍ਹਾ ਮੈਜਿਸਟ੍ਰੇਟ ਜਾਂ ਉਨ੍ਹਾਂ ਦੁਆਰਾ ਅਧਿਕਾਰਤ ਅਧਿਕਾਰੀ (ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਦੇ ਰੈਂਕ ਤੋਂ ਘੱਟ ਨਹੀਂ) ਨੂੰ ਇੱਕ ਘੋਸ਼ਣਾ ਪੱਤਰ ਦੇਣਾ ਪਵੇਗਾ। ਬਿੱਲ ਦੇ ਅਨੁਸਾਰ, ਜਾਣਕਾਰੀ ਪ੍ਰਾਪਤ ਹੋਣ ਦੇ ਸੱਤ ਦਿਨਾਂ ਦੇ ਅੰਦਰ, ਸਬੰਧਤ ਅਥਾਰਟੀ ਪ੍ਰਸਤਾਵਿਤ ਧਰਮ ਪਰਿਵਰਤਨ ਦੇ ਵੇਰਵੇ ਆਪਣੀ ਅਧਿਕਾਰਤ ਵੈੱਬਸਾਈਟ 'ਤੇ ਪ੍ਰਕਾਸ਼ਤ ਕਰੇਗੀ ਅਤੇ ਤਹਿਸੀਲਦਾਰ, ਗ੍ਰਾਮ ਪੰਚਾਇਤ ਅਤੇ ਸਥਾਨਕ ਪੁਲਿਸ ਸਟੇਸ਼ਨ 'ਤੇ ਇੱਕ ਨੋਟਿਸ ਪ੍ਰਦਰਸ਼ਿਤ ਕਰੇਗੀ। ਨੋਟਿਸ ਵਿੱਚ ਬਿਨੈਕਾਰ ਦਾ ਨਾਮ, ਉਸਦਾ ਮੌਜੂਦਾ ਧਰਮ ਅਤੇ ਪ੍ਰਸਤਾਵਿਤ ਧਰਮ ਦੱਸਿਆ ਜਾਵੇਗਾ। ਬਿੱਲ ਇਹ ਵੀ ਸਪੱਸ਼ਟ ਕਰਦਾ ਹੈ ਕਿ 'ਪੂਰਬੀ ਧਰਮ' ਵਿੱਚ ਵਾਪਸੀ ਨੂੰ ਧਰਮ ਪਰਿਵਰਤਨ ਨਹੀਂ ਮੰਨਿਆ ਜਾਵੇਗਾ। ਪ੍ਰਸਤਾਵਿਤ ਕਾਨੂੰਨ ਜ਼ਬਰਦਸਤੀ, ਜ਼ਬਰਦਸਤੀ, ਅਣਉਚਿਤ ਪ੍ਰਭਾਵ, ਪ੍ਰੇਰਨਾ, ਗਲਤ ਪੇਸ਼ਕਾਰੀ, ਧੋਖਾਧੜੀ, ਜਾਂ ਵਿਆਹ ਰਾਹੀਂ, ਜਾਂ ਡਿਜੀਟਲ ਪਲੇਟਫਾਰਮਾਂ ਰਾਹੀਂ ਧਰਮ ਪਰਿਵਰਤਨ 'ਤੇ ਪਾਬੰਦੀ ਲਗਾਉਂਦਾ ਹੈ, ਅਤੇ ਕਿਸੇ ਵੀ ਵਿਅਕਤੀ ਨੂੰ ਸਿੱਧੇ ਜਾਂ ਅਸਿੱਧੇ ਤੌਰ 'ਤੇ ਅਜਿਹੇ ਧਾਰਮਿਕ ਪਰਿਵਰਤਨ ਵਿੱਚ ਸਹਾਇਤਾ ਕਰਨ ਤੋਂ ਵੀ ਵਰਜਦਾ ਹੈ। ਬਿੱਲ ਦੇ ਅਨੁਸਾਰ, ਸਿਰਫ਼ ਵਿਆਹ ਨੂੰ ਆਪਣੇ ਆਪ ਹੀ ਧਰਮ ਪਰਿਵਰਤਨ ਨਹੀਂ ਮੰਨਿਆ ਜਾਵੇਗਾ। ਹਾਲਾਂਕਿ, ਜੇਕਰ ਕੋਈ ਵਿਅਕਤੀ ਸਿਰਫ਼ ਵਿਆਹ ਦੇ ਉਦੇਸ਼ ਲਈ ਜਾਂ ਬਿੱਲ ਦੇ ਉਪਬੰਧਾਂ ਦੇ ਉਲਟ ਧਰਮ ਬਦਲਦਾ ਹੈ, ਤਾਂ ਇਸਨੂੰ ਗੈਰ-ਕਾਨੂੰਨੀ ਧਰਮ ਪਰਿਵਰਤਨ ਮੰਨਿਆ ਜਾਵੇਗਾ। ਬਿੱਲ ਵਿੱਚ ਕਿਹਾ ਗਿਆ ਹੈ, ਪ੍ਰਸਤਾਵਿਤ ਵਿਆਹ ਦੀ ਮਿਤੀ ਤੋਂ 60 ਦਿਨ ਪਹਿਲਾਂ ਸਬੰਧਤ ਅਥਾਰਟੀ ਨੂੰ ਨਿਰਧਾਰਤ ਫਾਰਮੈਟ ਵਿੱਚ ਇੱਕ ਘੋਸ਼ਣਾ ਪੱਤਰ ਜਮ੍ਹਾ ਕਰਵਾਇਆ ਜਾਣਾ ਚਾਹੀਦਾ ਹੈ। ਅਥਾਰਟੀ ਇਸਨੂੰ ਆਪਣੀ ਵੈੱਬਸਾਈਟ 'ਤੇ ਪ੍ਰਕਾਸ਼ਤ ਕਰੇਗੀ ਅਤੇ ਜਾਂਚ ਕਰੇਗੀ ਕਿ ਕੀ ਵਿਆਹ ਇੱਕ ਗੈਰ-ਕਾਨੂੰਨੀ ਧਰਮ ਪਰਿਵਰਤਨ ਹੈ। ਇਹ ਬਿੱਲ "ਲਾਲਚ" ਦੀ ਪਰਿਭਾਸ਼ਾ ਨੂੰ ਵਿਸ਼ਾਲ ਕਰਦਾ ਹੈ, ਜਿਸ ਵਿੱਚ ਪੈਸੇ, ਤੋਹਫ਼ੇ, ਰੁਜ਼ਗਾਰ, ਮੁਫ਼ਤ ਸਿੱਖਿਆ ਜਾਂ ਡਾਕਟਰੀ ਸਹੂਲਤਾਂ, ਇੱਕ ਬਿਹਤਰ ਜੀਵਨ ਸ਼ੈਲੀ, ਜਾਂ ਵਿਆਹ ਦੇ ਵਾਅਦੇ ਸ਼ਾਮਲ ਹਨ। "ਦੁਰਵਿਵਹਾਰ" ਵਿੱਚ ਮਾਨਸਿਕ ਦਬਾਅ, ਧਮਕੀਆਂ ਅਤੇ ਸਮਾਜਿਕ ਛੇਕ-ਛਾੜ ਸ਼ਾਮਲ ਹਨ। ਸਾਰੇ ਅਪਰਾਧ ਸੰਜੀਦਾ ਅਤੇ ਗੈਰ-ਜ਼ਮਾਨਤੀ ਹੋਣਗੇ।

**10 ਤੋਂ 20 ਸਾਲ ਦੀ ਸਜ਼ਾ ਦੇ ਨਾਲ ਹੀ ਘੱਟੋ-ਘੱਟ 10 ਲੱਖ ਰੁਪਏ ਦਾ ਹੋ ਸਕਦਾ ਹੈ ਜੁਰਮਾਨਾ**

ਬਿੱਲ ਵਿੱਚ ਸਖ਼ਤ ਸਜ਼ਾਵਾਂ ਦੀ ਵਿਵਸਥਾ ਹੈ। ਆਮ ਉਲੰਘਣਾਵਾਂ ਲਈ, ਸਜ਼ਾ ਘੱਟੋ-ਘੱਟ 7 ਤੋਂ 10 ਸਾਲ ਹੋ ਸਕਦੀ ਹੈ, ਨਾਲ ਹੀ ਘੱਟੋ-ਘੱਟ 5 ਲੱਖ ਰੁਪਏ ਦਾ ਜੁਰਮਾਨਾ ਵੀ ਹੋ ਸਕਦਾ ਹੈ। ਨਾਬਾਲਗਾਂ, ਔਰਤਾਂ, ਮਾਨਸਿਕ ਤੌਰ 'ਤੇ ਅਪਾਹਜ ਵਿਅਕਤੀਆਂ, ਜਾਂ ਅਨੁਸੂਚਿਤ ਜਾਤੀਆਂ/ਜਨਜਾਤੀਆਂ ਅਤੇ ਹੋਰ ਪੱਛੜੀਆਂ ਸ਼੍ਰੇਣੀਆਂ ਦੇ ਮੈਂਬਰਾਂ ਨਾਲ ਸਬੰਧਤ ਮਾਮਲਿਆਂ ਲਈ, ਸਜ਼ਾ 10 ਤੋਂ 20 ਸਾਲ ਹੋ ਸਕਦੀ ਹੈ, ਨਾਲ ਹੀ ਘੱਟੋ-ਘੱਟ 10 ਲੱਖ ਰੁਪਏ ਦਾ ਜੁਰਮਾਨਾ ਵੀ ਹੋ ਸਕਦਾ ਹੈ। ਸਮੂਹਿਕ ਧਰਮ ਪਰਿਵਰਤਨ ਲਈ 10 ਸਾਲ ਤੋਂ ਲੈ ਕੇ ਉਮਰ ਕੈਦ ਅਤੇ 25 ਲੱਖ ਰੁਪਏ ਜਾਂ ਇਸ ਤੋਂ ਵੱਧ ਦਾ ਜੁਰਮਾਨਾ ਹੋ ਸਕਦਾ ਹੈ। ਵਾਰ-ਵਾਰ ਅਪਰਾਧ ਕਰਨ ਵਾਲਿਆਂ ਨੂੰ ਉਮਰ ਕੈਦ ਦੀ ਸਜ਼ਾ ਹੋ ਸਕਦੀ ਹੈ। ਦੋਸ਼ੀ ਪਾਏ ਜਾਣ ਵਾਲੇ ਸਰਕਾਰੀ ਕਰਮਚਾਰੀਆਂ ਨੂੰ 10 ਤੋਂ 20 ਸਾਲ ਦੀ ਕੈਦ ਅਤੇ ਘੱਟੋ-ਘੱਟ 10 ਲੱਖ ਰੁਪਏ ਦਾ ਜੁਰਮਾਨਾ ਹੋ ਸਕਦਾ ਹੈ। ਮਹੱਤਵਪੂਰਨ ਗੱਲ ਇਹ ਹੈ ਕਿ "ਸਮੂਹਿਕ ਧਰਮ ਪਰਿਵਰਤਨ" ਨੂੰ ਇੱਕ ਹੀ ਸਮਾਗਮ ਵਿੱਚ ਦੋ ਜਾਂ ਦੋ ਤੋਂ ਵੱਧ ਲੋਕਾਂ ਦੇ ਦੂਜੇ ਧਰਮ ਵਿੱਚ ਧਰਮ ਪਰਿਵਰਤਨ ਵਜੋਂ ਪਰਿਭਾਸ਼ਿਤ ਕੀਤਾ ਗਿਆ ਹੈ। ਬਿੱਲ ਵਿੱਚ ਗੈਰ-ਕਾਨੂੰਨੀ ਧਰਮ ਪਰਿਵਰਤਨ ਦੇ ਪੀੜਤਾਂ ਨੂੰ 10 ਲੱਖ ਰੁਪਏ ਤੱਕ ਦੇ ਮੁਆਵਜ਼ੇ ਦੀ ਵੀ ਵਿਵਸਥਾ ਹੈ। ਹਾਲਾਂਕਿ, ਵਿਰੋਧੀ ਕਾਂਗਰਸ ਨੇ ਬਿੱਲ 'ਤੇ ਇਤਰਾਜ਼ ਜਤਾਇਆ ਅਤੇ ਮੰਗ ਕੀਤੀ ਕਿ ਇਸਨੂੰ ਸਮੀਖਿਆ ਲਈ ਇੱਕ ਚੋਣ ਕਮੇਟੀ ਕੋਲ ਭੇਜਿਆ ਜਾਵੇ, ਅਤੇ ਮੰਗ ਰੱਦ ਹੋਣ 'ਤੇ ਸਦਨ ਦੀ ਕਾਰਵਾਈ ਦਾ ਬਾਈਕਾਟ ਕੀਤਾ। ਵਿਰੋਧੀ ਧਿਰ ਦੇ ਨੇਤਾ ਚਰਨ ਦਾਸ ਮਹੰਤ ਨੇ ਕਿਹਾ ਕਿ ਇਹ ਬਿੱਲ ਜ਼ਬਰਦਸਤੀ ਧਰਮ ਪਰਿਵਰਤਨ ਨੂੰ ਰੋਕਣ ਤੋਂ ਕਿਤੇ ਪਰੇ ਹੈ ਅਤੇ ਨਿੱਜੀ ਵਿਸ਼ਵਾਸਾਂ ਅਤੇ ਚੋਣਾਂ ਦੇ ਆਲੇ-ਦੁਆਲੇ ਡਰ ਅਤੇ ਨਿਗਰਾਨੀ ਦਾ ਮਾਹੌਲ ਪੈਦਾ ਕਰਦਾ ਹੈ। ਉਨ੍ਹਾਂ ਨੇ ਪਹਿਲਾਂ ਐਲਾਨ ਅਤੇ ਜਨਤਕ ਖੁਲਾਸੇ ਦੀ ਜ਼ਰੂਰਤ ਨੂੰ ਨਿੱਜਤਾ ਦੇ ਅਧਿਕਾਰ ਦੀ "ਸਿੱਧੀ ਉਲੰਘਣਾ" ਦੱਸਿਆ। ਕਈ ਵਿਰੋਧੀ ਵਿਧਾਇਕਾਂ ਨੇ ਪੰਚਾਇਤਾਂ, ਤਹਿਸੀਲਾਂ ਅਤੇ ਪੁਲਿਸ ਸਟੇਸ਼ਨਾਂ ਵਿੱਚ ਧਰਮ ਪਰਿਵਰਤਨ ਨੋਟਿਸਾਂ ਨੂੰ ਜਨਤਕ ਤੌਰ 'ਤੇ ਪ੍ਰਦਰਸ਼ਿਤ ਕਰਨ ਦੀ ਵਿਵਸਥਾ ਦੀ ਵੀ ਆਲੋਚਨਾ ਕੀਤੀ, ਇਹ ਕਹਿੰਦੇ ਹੋਏ ਕਿ ਇਹ ਸਮਾਜਿਕ ਦਬਾਅ, ਧਮਕੀਆਂ ਜਾਂ ਹਿੰਸਾ ਦੇ ਜੋਖਮ ਨੂੰ ਵਧਾ ਸਕਦਾ ਹੈ।

# ਬੇਅਦਬੀ ਮਾਮਲਿਆਂ ਨੂੰ ਲੈ ਕੇ ਸਰਕਾਰ ਸੰਜੀਦਾ ਹੋਵੇ: ਐਡਵੋਕੇਟ ਧਾਮੀ

**ਅੰਮ੍ਰਿਤਸਰ, 20 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ 'ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025' ਸਬੰਧੀ ਸ਼੍ਰੋਮਣੀ ਕਮੇਟੀ ਦੁਆਰਾ ਪੰਜਾਬ ਸਰਕਾਰ ਤੋਂ ਮੰਗੀਆਂ ਜਾਣਕਾਰੀਆਂ ਮੁਹੱਈਆ ਨਾ ਕਰਵਾਉਣ 'ਤੇ ਸਵਾਲ ਚੁੱਕੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਵੇਂ ਹਰ ਧਰਮ ਦੇ ਧਾਰਮਿਕ ਗ੍ਰੰਥ ਸਤਿਕਾਰਯੋਗ ਹਨ, ਪਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖਾਂ ਲਈ ਜਾਗਤ ਜੋਤਿ ਗੁਰੂ ਹਨ। ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਬੰਧੀ ਵਿਸ਼ੇਸ਼ ਕਾਨੂੰਨੀ ਪ੍ਰਬੰਧ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਕਾਨੂੰਨ ਤਹਿਤ ਚੱਲ ਰਹੇ ਬੇਅਦਬੀ ਦੇ ਕੇਸਾਂ ਵਿਚ ਵੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਯਕੀਨੀ ਹੋਣੀਆਂ ਚਾਹੀਦੀਆਂ ਹਨ, ਨਾ ਕਿ ਇਹ ਕੇਵਲ ਸਿਆਸੀ ਮੁੱਦਾ ਬਣ ਕੇ ਰਹੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵੱਲੋਂ 'ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025' ਲਿਆਂਦਾ ਗਿਆ, ਪਰੰਤੂ ਸਰਕਾਰ ਦੀ ਇਸ ਸਬੰਧੀ ਹੁਣ ਤਕ ਦੀ ਪਹੁੰਚ ਨਿਰਾਸ਼ਾਜਨਕ ਹੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਗਠਤ ਸਲੈਕਟ ਕਮੇਟੀ ਨੇ ਸ਼੍ਰੋਮਣੀ ਕਮੇਟੀ ਪਾਸੋਂ ਇਸ ਬਿੱਲ ਸਬੰਧੀ ਸੁਝਾਅ ਮੰਗੇ ਸਨ, ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ 15 ਮੈਂਬਰੀ ਉੱਚ ਪੱਧਰੀ ਕਮੇਟੀ ਗਠਤ ਕੀਤੀ ਸੀ। ਉਨ੍ਹਾਂ ਦੱਸਿਆ ਕਿ ਇਸ ਕਮੇਟੀ ਦੀਆਂ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਦੌਰਾਨ ਗੰਭੀਰ ਵਿਚਾਰ-ਵਟਾਂਦਰੇ ਤੋਂ ਬਾਅਦ ਸਲੈਕਟ ਕਮੇਟੀ ਤੋਂ ਕੁਝ ਜ਼ਰੂਰੀ ਜਾਣਕਾਰੀਆਂ ਦੀ ਮੰਗ ਕੀਤੀ ਸੀ, ਜਿਸ ਪ੍ਰਤੀ ਸਰਕਾਰ ਦੀ ਸਲੈਕਟ ਕਮੇਟੀ ਨੇ ਅਜੇ ਤੱਕ ਕੋਈ ਹਾਂ-ਪੱਖੀ ਹੁੰਗਾਰਾ ਨਹੀਂ ਭਰਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਆਪਣੇ ਸੁਝਾਅ ਅਤੇ ਰਾਏ ਰਿਪੋਰਟ ਜ਼ਰੂਰੀ ਜਾਣਕਾਰੀਆਂ ਮਿਲਣ ਬਾਅਦ ਹੀ ਦੇ ਸਕਦੀ ਹੈ, ਲੇਕਿਨ ਸਰਕਾਰ ਇਸ ਨੂੰ ਬਹੁਤੀ ਗੰਭੀਰਤਾ ਨਾਲ ਨਹੀਂ ਲੈ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਵਿੱਤਰ ਧਾਰਮਿਕ ਗ੍ਰੰਥਾਂ ਵਿੱਚੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਵਡਿਆਈ ਜਾਗਤ ਜੋਤ ਅਤੇ ਹਾਜ਼ਰ ਨਾਜ਼ਰ ਸਤਿਗੁਰੂ ਵਜੋਂ ਹੈ, ਜਿਸ ਲਈ ਉਕਤ ਬਿੱਲ ਸਬੰਧੀ ਇਹ ਪੱਖ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਲੈਕਟ ਕਮੇਟੀ ਨੂੰ ਸੁਝਾਅ ਹਰ ਪੱਖ ਨੂੰ ਮੁਕੰਮਲ ਘੋਖ ਕੇ ਹੀ ਦਿੱਤੇ ਜਾ ਸਕਣੇ ਹਨ, ਇਸ ਲਈ ਇਹ ਜ਼ਰੂਰੀ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਸਰਕਾਰ ਮੰਗੀਆਂ ਜਾਣਕਾਰੀਆਂ ਦੇਵੇ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਕਈ ਪੱਤ੍ਰਿਕਾਵਾਂ ਲਿਖ ਕੇ ਰਿਕਾਰਡ ਅਤੇ ਜਾਣਕਾਰੀਆਂ ਦੀ ਮੰਗ ਕੀਤੇ ਜਾਣ ਦੇ ਬਾਵਜੂਦ ਵੀ ਸਰਕਾਰ ਦੀ ਸਲੈਕਟ ਕਮੇਟੀ ਵੱਲੋਂ ਜਾਣਬੁਝ ਕੇ ਮੁਹੱਈਆ ਨਾ ਕਰਵਾਉਣਾ ਬਹੁਤ ਹੀ ਮੰਦਭਾਗਾ, ਪੱਖਪਾਤੀ ਅਤੇ ਰਾਜਸੀ ਹਿੱਤਾਂ ਵਾਲਾ ਸਾਬਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਾਬਤ ਹੋ ਰਿਹਾ ਹੈ ਕਿ ਸਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਸੁਝਾਅ ਦੇਣ ਲਈ ਜਾਰੀ ਕੀਤਾ ਗਿਆ ਪੱਤਰ ਮਹਿਜ ਇਕ ਵਿਖਾਵਾ ਹੈ, ਇਸ ਤੋਂ ਇਲਾਵਾ ਇਸ ਵਿਚ ਕੋਈ ਸੰਜੀਦਗੀ ਦੀ ਭਾਵਨਾ ਨਹੀਂ ਹੈ। ਐਡਵੋਕੇਟ ਧਾਮੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਸ਼੍ਰੋਮਣੀ ਕਮੇਟੀ ਵੱਲੋਂ ਮੰਗੀਆਂ ਜਾਣਕਾਰੀਆਂ ਸਰਕਾਰ ਮੁਹੱਈਆ ਨਹੀਂ ਕਰਵਾਉਂਦੀ ਤਾਂ ਇਹ ਸਮਝਿਆ ਜਾਵੇਗਾ ਕਿ ਸਰਕਾਰ ਇਸ ਬਿੱਲ ਪ੍ਰਤੀ ਗੰਭੀਰ ਨਹੀਂ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਸਬੰਧੀ ਕਾਨੂੰਨ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਵੱਲੋਂ ਸਮਾਣਾ ਵਿਖੇ ਸੰਘਰਸ਼ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪਹਿਲੇ ਦਿਨ ਤੋਂ ਹੀ ਇਸ ਸੰਘਰਸ਼ ਨੂੰ ਪੂਰਨ ਤੌਰ 'ਤੇ ਹਮਾਇਤ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ ਦੇ ਮਾਮਲੇ 'ਤੇ ਕਿਸੇ ਵੀ ਧਿਰ ਨੂੰ ਸਿਆਸਤ ਨਹੀਂ ਕਰਨੀ ਚਾਹੀਦੀ, ਸਗੋਂ ਇਸ ਸੰਜੀਦਾ ਮਾਮਲੇ ਸਬੰਧੀ ਸਿਰ ਜੋੜ ਖੜ੍ਹਨਾ ਚਾਹੀਦਾ ਹੈ।

# 11 ਅਪ੍ਰੈਲ ਦੀ 'ਪੰਜਾਬ ਬਚਾਓ ਰੈਲੀ' ਹੋਵੇਗੀ ਇਤਿਹਾਸਕ, ਸਰਕਾਰ ਦੀਆਂ ਨਾਕਾਮੀਆਂ ਅਤੇ ਵੱਧ ਰਹੇ ਗੈਂਗਸਟਰ ਰਾਜ ਖ਼ਿਲਾਫ਼ ਗੂੰਜੇਗੀ ਆਵਾਜ਼- ਰਵੀਪ੍ਰੀਤ ਸਿੰਘ ਸਿੱਧੂ



ਤਲਵੰਡੀ ਸਾਬੋ, 20 ਮਾਰਚ (ਗੁਰਜੰਟ ਸਿੰਘ ਨਥੇਹਾ)- ਅਕਾਲੀ ਦਲ ਦੀ ਪ੍ਰਸਤਾਵਿਤ 'ਪੰਜਾਬ ਬਚਾਓ ਰੈਲੀ' ਨੂੰ ਲੈ ਕੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨੇ ਤਿਆਰੀਆਂ ਨੂੰ ਤੇਜ਼ ਕਰ ਦਿੱਤਾ ਹੈ। ਉਨ੍ਹਾਂ ਨੇ ਇਲਾਕੇ ਵਿੱਚ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਵਧਾਉਂਦੇ ਹੋਏ ਪਾਰਟੀ ਵਰਕਰਾਂ ਅਤੇ ਸਮਰਥਕਾਂ ਨੂੰ ਰੈਲੀ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦਾ ਆਹਵਾਨ ਕੀਤਾ। ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ 11 ਅਪ੍ਰੈਲ ਨੂੰ ਤਲਵੰਡੀ ਸਾਬੋ ਵਿੱਚ ਹੋਣ ਵਾਲੀ ਇਹ ਰੈਲੀ ਇਤਿਹਾਸਕ ਸਾਬਤ ਹੋਵੇਗੀ ਅਤੇ ਸੂਬੇ ਦੀ ਮੌਜੂਦਾ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ। ਉਨ੍ਹਾਂ ਕਿਹਾ ਕਿ ਇਹ ਰੈਲੀ ਸਿਰਫ ਇੱਕ ਰਾਜਨੀਤਿਕ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਨੂੰ ਬਚਾਉਣ ਦੀ ਆਵਾਜ਼ ਬਣੇਗੀ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਹਰ ਮੋਰਚੇ 'ਤੇ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈ ਹੈ। ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਖਰਾਬ ਹੋ ਰਹੀ ਹੈ ਅਤੇ ਸੂਬੇ ਵਿੱਚ ਗੈਂਗਸਟਰ ਗਤੀਵਿਧੀਆਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਆਏ ਦਿਨ ਫਿਰੌਤੀ, ਗੋਲੀਬਾਰੀ ਅਤੇ ਅਪਰਾਧਿਕ ਘਟਨਾਵਾਂ ਨਾਲ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਸਿੱਧੂ ਨੇ ਕਿਹਾ ਕਿ ਸਰਕਾਰ ਅਪਰਾਧ 'ਤੇ ਲਗਾਮ ਲਗਾਉਣ ਵਿੱਚ ਅਸਫਲ ਰਹੀ ਹੈ, ਜਿਸ ਕਾਰਨ ਗੈਂਗਸਟਰਾਂ ਦੇ ਹੌਸਲੇ ਬੁਲੰਦ ਹਨ। ਉਨ੍ਹਾਂ ਕਿਹਾ ਕਿ ਵਪਾਰੀਆਂ, ਨੌਜਵਾਨਾਂ ਅਤੇ ਆਮ ਨਾਗਰਿਕਾਂ ਦੀ ਸੁਰੱਖਿਆ ਅੱਜ ਇੱਕ ਵੱਡਾ ਸਵਾਲ ਬਣ ਚੁੱਕੀ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਸਾਲ 2027 ਵਿੱਚ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਸੂਬੇ ਵਿੱਚ ਦੁਬਾਰਾ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਗੈਂਗਸਟਰ ਰਾਜ ਨੂੰ ਖਤਮ ਕਰਕੇ ਅਮਨ-ਸ਼ਾਂਤੀ ਅਤੇ ਵਿਕਾਸ ਦਾ ਮਾਹੌਲ ਸਥਾਪਿਤ ਕੀਤਾ ਜਾਵੇਗਾ। ਸਿੱਧੂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ ਲਈ ਪ੍ਰੇਰਿਤ ਕਰਨ ਅਤੇ 11 ਅਪ੍ਰੈਲ ਦੀ ਰੈਲੀ ਨੂੰ ਇਤਿਹਾਸਕ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਉਮੜਣ ਵਾਲਾ ਜਨਸੈਲਾਬ ਸਰਕਾਰ ਨੂੰ ਲੋਕਾਂ ਦੀ ਤਾਕਤ ਦਾ ਅਹਿਸਾਸ ਕਰਵਾਏਗਾ। ਰੈਲੀ ਨੂੰ ਕਾਮਯਾਬ ਬਣਾਉਣ ਲਈ ਪਾਰਟੀ ਵੱਲੋਂ ਵੱਖ-ਵੱਖ ਪੱਧਰਾਂ 'ਤੇ ਮੀਟਿੰਗਾਂ ਦਾ ਆਯੋਜਨ ਲਗਾਤਾਰ ਜਾਰੀ ਹੈ, ਜਿਸ ਨਾਲ ਵਰਕਰਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।

# ਰੇਲ ਲਿੰਕ ਨਾਲ ਜੁੜੇਗਾ ਤਖ਼ਤ ਸ੍ਰੀ ਦਮਦਮਾ ਸਾਹਿਬ, ਰੇਲ ਮੰਤਰੀ ਰਵਨੀਤ ਬਿੱਟੂ ਨੇ ਕੀਤਾ ਐਲਾਨ

## ਕੇਂਦਰ ਨੇ ਜਾਰੀ ਕੀਤੇ 1118 ਕਰੋੜ ਰੁਪਏ, ਜ਼ਮੀਨ ਵੀ ਕੇਂਦਰ ਖਰੀਦੇਗਾ

ਤਲਵੰਡੀ ਸਾਬੋ/ਬਠਿੰਡਾ, 20 ਮਾਰਚ (ਗੁਰਜੰਟ ਸਿੰਘ ਨਥੇਹਾ)- ਪਿਛਲੇ ਕਈ ਦਹਾਕਿਆਂ ਤੋਂ ਸਿੱਖ ਪੰਥ ਦੇ ਚੌਥੇ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲ ਲਿੰਕ ਨਾਲ ਜੋੜਨ ਦੀ ਕੀਤੀ ਜਾ ਰਹੀ ਚਿਰੋਕਣੀ ਮੰਗ ਨੂੰ ਹੁਣ ਬੂਰ ਪੈ ਗਿਆ ਹੈ। ਸ਼ੁੱਕਰਵਾਰ ਨੂੰ ਉਚੇਚੇ ਤੌਰ 'ਤੇ ਇਸ ਪ੍ਰੋਜੈਕਟ ਦਾ ਐਲਾਨ ਕਰਨ ਪੁੱਜੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਗੁਰੂ ਮਹਿਰਾਜ ਦਾ ਸ਼ੁਕਰਾਨਾ ਕੀਤਾ, ਜਿਨਾਂ ਨੇ ਇਸ ਪ੍ਰੋਜੈਕਟ ਨੂੰ ਨੇਪਰੇ ਚਾੜਨ ਦੀ ਸੇਵਾ ਉਸਦੇ ਹਿੱਸੇ ਲਾਈ। ਕਰੀਬ 1118 ਕਰੋੜ ਦੇ ਇਸ ਪ੍ਰੋਜੈਕਟ ਦੇ ਤਹਿਤ ਅੱਠ ਪਿੰਡਾਂ ਵਿੱਚੋਂ ਨਿਕਲਣ ਵਾਲੀ ਇਹ



42 ਕਿਲੋਮੀਟਰ ਲੰਮੇ ਰੇਲ ਲਿੰਕ ਲਈ ਜਮੀਨ ਵੀ ਕੇਂਦਰ ਸਰਕਾਰ ਆਪਣੇ ਪੈਸੇ ਨਾਲ ਅਕਵਾਇਰ ਕਰੇਗਾ। ਬਠਿੰਡਾ ਰੇਲਵੇ ਸਟੇਸ਼ਨ 'ਤੇ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਲੈ ਕੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਕਰਦਿਆਂ ਕੇਂਦਰੀ ਰੇਲ ਮੰਤਰੀ ਸ੍ਰੀ ਬਿੱਟੂ ਨੇ ਬਠਿੰਡਾ ਇਲਾਕੇ ਦੀਆਂ ਸਮੂਹ ਕਿਸਾਨ ਜਥੇਬੰਦੀਆਂ, ਸਿਆਸੀ ਜਮਾਤਾਂ ਅਤੇ ਹੋਰਨਾਂ ਜਥੇਬੰਦੀਆਂ ਨੂੰ ਇਸ ਧਾਰਮਿਕ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜਣ ਲਈ ਆਪਣਾ ਸਹਿਯੋਗ ਦੇਣ ਦੀ ਵੀ ਅਪੀਲ ਕੀਤੀ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਰਹੀਆਂ ਸਰਕਾਰਾਂ ਦੇ ਵੱਲੋਂ ਸਿਰਫ ਇਸ ਮੁੱਦੇ ਉੱਪਰ ਗੋਗਲੂਆਂ ਤੋਂ ਮਿੱਟੀ ਝਾੜੀ ਗਈ ਪਰੰਤੂ ਸਿੱਖਾਂ ਦੀ ਇਸ ਚਿਰੋਕਣੀ ਮੰਗ ਨੂੰ ਪੂਰਾ ਕਰਨ ਲਈ ਕੋਈ ਧਿਆਨ ਨਹੀਂ ਦਿੱਤਾ। ਉਹਨਾਂ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਅਤੇ ਬਾਦਲ ਪਰਿਵਾਰ ਨੂੰ ਲੰਬੇ ਹੱਥੀ ਲੈਂਦਿਆਂ ਕਿਹਾ ਕਿ ਦਹਾਕਿਆਂ ਤੱਕ ਕੇਂਦਰ ਵਿੱਚ ਮੰਤਰੀ ਰਹਿਣ ਦੇ ਬਾਵਜੂਦ ਹਰਸਿਮਰਤ ਕੌਰ ਬਾਦਲ ਅਤੇ ਸੁਖਬੀਰ ਬਾਦਲ ਵੱਲੋਂ ਇਸ ਪ੍ਰੋਜੈਕਟ ਨੂੰ ਪੂਰਾ ਨਹੀਂ ਕਰਵਾਇਆ ਜਾ ਸਕਿਆ। ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲ ਲਿੰਕ ਨਾਲ ਜੋੜਨ ਲਈ ਵਿਸ਼ੇਸ਼ ਤੌਰ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਕਰਦਿਆਂ ਰਵਨੀਤ ਬਿੱਟੂ ਨੇ ਕਿਹਾ ਕਿ ਜਦ ਉਹ ਇਸ ਪ੍ਰੋਜੈਕਟ ਨੂੰ ਲੈ ਕੇ ਮਾਨਯੋਗ ਪ੍ਰਧਾਨ ਮੰਤਰੀ ਕੋਲ ਗਏ ਤਾਂ ਉਹਨਾਂ ਤੁਰੰਤ ਰੇਲਵੇ ਅਤੇ ਵਿੱਤ ਵਿਭਾਗ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਨਾਲ ਜੁੜੇ ਕਿਸੇ ਵੀ ਪ੍ਰੋਜੈਕਟ ਨੂੰ ਤੁਰੰਤ ਪੂਰਾ ਕੀਤਾ ਜਾਵੇ। ਰਵਨੀਤ ਬਿੱਟੂ ਨੇ ਕਿਹਾ ਕਿ ਸਿੱਖ ਕੌਮ ਦੇ ਪੰਜ ਤਖਤਾਂ ਵਿੱਚੋਂ ਸਿਰਫ ਤਖਤ ਸ੍ਰੀ ਦਮਦਮਾ ਸਾਹਿਬ ਹੀ ਰੇਲ ਲਿੰਕ ਨਾਲ ਨਹੀਂ ਜੁੜਿਆ ਹੋਇਆ ਸੀ। ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਇਸ ਧਰਤੀ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਸੰਪੂਰਨ ਹੋਈ ਨੂੰ ਰੇਲ ਲਿੰਕ ਨਾਲ ਜੋੜਨਾ ਉਨ੍ਹਾਂ ਦੀ ਮੁੱਖ ਤਰਜੀਹ ਸੀ। ਜਿਸ ਦੇ ਲਈ ਉਹ ਪੂਰੀ ਤਰਹਾਂ ਜੁੜੇ ਹੋਏ ਸਨ ਅਤੇ ਹੁਣ ਇਸ ਪ੍ਰੋਜੈਕਟ ਨੂੰ ਛੇ ਮਾਰਚ ਵਾਲੇ ਦਿਨ ਮੰਨਜ਼ੂਰੀ ਮਿਲਣ ਤੋਂ ਬਾਅਦ ਅਤੇ ਸਾਰੀਆਂ ਰਸਮੀ ਕਾਰਵਾਈਆਂ ਪੂਰੀਆਂ ਹੋਣ ਤੋਂ ਬਾਅਦ ਅੱਜ ਇੱਥੇ ਐਲਾਨ ਕਰਨ ਲਈ ਪੁੱਜੇ ਹਨ। ਇਸ ਰੇਲ ਲਿੰਕ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਬਿੱਟੂ ਨੇ ਦੱਸਿਆ ਕਿ ਰਾਮਾ ਮੰਡੀ ਤੋਂ ਸ਼ੁਰੂ ਹੋ ਕੇ ਇਹ ਰੇਲ ਲਿੰਕ ਮਾਨਸਾ ਦੇ ਸੱਦਾ ਸਿੰਘ ਵਾਲਾ ਨਾਲ ਜੁੜੇਗਾ। ਇਹ ਰੇਲਵੇ ਲਾਈਨ ਕਰੀਬ ਅੱਠ ਪਿੰਡਾਂ ਵਿੱਚੋਂ ਗੁਜਰੇਗੀ। ਇਸ ਪ੍ਰੋਜੈਕਟ ਦੀ ਸਭ ਤੋਂ ਵੱਡੀ ਗੱਲ ਇਹ ਹੈ ਕਿ ਇਸ ਪੂਰੀ ਰੇਲਵੇ ਲਾਈਨ ਵਿੱਚ ਕੋਈ ਰੇਲਵੇ ਫਾਟਕ ਨਹੀਂ ਹੋਵੇਗਾ, ਬਲਕਿ ਦੋ ਵੱਡੇ, 45 ਛੋਟੇ ਓਵਰ ਬ੍ਰਿਜ ਅਤੇ 52 ਅੰਡਰ ਬ੍ਰਿਜ ਇਸ ਪ੍ਰੋਜੈਕਟ ਦੇ ਵਿੱਚ ਬਣਾਏ ਜਾਣਗੇ। ਇਸ ਤੋਂ ਇਲਾਵਾ ਇਸ ਪ੍ਰੋਜੈਕਟ ਨੂੰ ਨੇਪਰੇ ਚਾੜਣ ਲਈ 192 ਹੈਕਟੇਅਰ ਜਮੀਨ ਐਕਵਾਇਰ ਕੀਤੀ ਜਾਵੇਗੀ। ਇਸ ਪ੍ਰੋਜੈਕਟ ਤੋਂ ਪਹਿਲਾਂ ਆਪਣੇ ਵੱਲੋਂ ਪੰਜਾਬ ਲਈ ਲਿਆਂਦੇ ਹੋਰ ਵੱਡੇ ਪ੍ਰੋਜੈਕਟਾਂ ਦੀ ਗੱਲ ਕਰਦੀਆਂ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੇ ਕਿਹਾ ਕਿ ਪੰਜਾਬੀ ਸੂਬਾ ਬਣਨ ਤੋਂ ਬਾਅਦ ਹੁਣ ਤੱਕ ਮਾਲਵਾ ਦੇ ਇੱਕ ਦਰਜਨ ਜਿਲਿਆਂ ਨੂੰ ਰਾਜਧਾਨੀ ਚੰਡੀਗੜ੍ਹ ਨਾਲ ਜੋੜਨ ਲਈ ਰਾਜਪੁਰਾ-ਚੰਡੀਗੜ ਰੇਲ ਲਿੰਕ ਨੂੰ ਮੰਨਜ਼ੂਰ ਕਰਕੇ ਪੈਸੇ ਜਾਰੀ ਕੀਤੇ ਗਏ। ਇਸੇ ਤਰ੍ਹਾਂ ਫਿਰੋਜ਼ਪੁਰ-ਪੱਟੀ ਰੇਲਵੇ ਲਿੰਕ, ਜੋ ਕਿ ਨਾ ਸਿਰਫ ਵਪਾਰ ਦਾ ਵੱਡਾ ਕੋਰੀਡੋਰ ਬਣੇਗਾ, ਬਲਕਿ ਮਾਲਵਾ ਨੂੰ ਸਿੱਧੇ ਤੌਰ 'ਤੇ ਧਾਰਮਿਕ ਰਾਜਧਾਨੀ ਅੰਮ੍ਰਿਤਸਰ ਨਾਲ ਵੀ ਜੋੜੇਗਾ। ਇਸੇ ਤਰ੍ਹਾਂ ਹੁਸ਼ਿਆਰਪੁਰ-ਚਲਵਾੜਾ ਅਤੇ ਬਿਆਸ ਕਾਦੀਆਂ ਰੇਲ ਲਿੰਕ ਵੀ ਮੰਨਜ਼ੂਰ ਕਰਕੇ ਸ਼ੁਰੂ ਕੀਤੇ ਜਾ ਚੁੱਕੇ ਹਨ। ਉਹਨਾਂ ਕਿਹਾ ਕਿ ਇਹਨਾਂ ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

ਭੁਲੱਥ 'ਚ ਪੰਥਕ ਲਹਿਰ ਦੀ ਗੂੰਜ - ਸ਼ੇਰੇ ਪੰਜਾਬ ਮੋਰਚੇ ਦੇ ਪ੍ਰਧਾਨ ਬਾਈ ਨਛੱਤਰ ਸਿੰਘ

# ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਿਲ





**ਭੁਲੱਥ, 20 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਮੌਜੂਦਾ ਸਿਆਸਤ ਵਿੱਚ ਅੱਜ ਭੁਲੱਥ ਤੋਂ ਉਸ ਵੇਲੇ ਵੱਡਾ ਪੰਥਕ ਹੁੰਗਾਰਾ ਮਿਲਿਆ ਜਦੋਂ ਸ਼ੇਰੇ ਪੰਜਾਬ ਨੌਜਵਾਨ ਕਿਸਾਨ ਮਜ਼ਦੂਰ ਮੋਰਚਾ ਪੰਜਾਬ ਅਤੇ ਸ਼ੇਰੇ ਪੰਜਾਬ ਟੋਲ ਪਲਾਜ਼ਾ ਯੂਨੀਅਨ ਪੰਜਾਬ ਦੇ ਪ੍ਰਧਾਨ ਬਾਈ ਨਛੱਤਰ ਸਿੰਘ ਨੇ ਜਿਲਾ ਆਗੂ ਭਾਈ ਗੁਰਦੀਪ ਸਿੰਘ ਭੰਡਾਲ ਦੇ ਯਤਨਾਂ ਸਦਕਾ ਸੈਂਕੜੇ ਜੁਝਾਰੂ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਪੱਲਾ ਫੜ ਲਿਆ। ਇਹ ਸ਼ਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਇਕ ਵੱਡੇ ਇਕੱਠ ਦੌਰਾਨ ਹੋਈ, ਜਿੱਥੇ ਪੰਥਕ ਜੋਸ਼ ਸਾਫ਼ ਦਿਖਾਈ ਦਿੱਤਾ। ਬਾਈ ਨਛੱਤਰ ਸਿੰਘ ਨੇ ਸਿੱਧੀ ਤੇ ਬੇਬਾਕ ਗੱਲ ਕਰਦਿਆਂ ਕਿਹਾ ਕਿ ਪੰਜਾਬ ਨੂੰ ਜਾਣਬੁੱਝ ਕੇ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ ਜਾ ਰਿਹਾ ਹੈ ਅਤੇ ਨੌਜਵਾਨੀ ਨੂੰ ਖ਼ਤਮ ਕਰਨ ਦੀ ਸਾਜ਼ਿਸ਼ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਮਾਮਲਿਆਂ 'ਚ ਇਨਸਾਫ ਨਾਂ ਦੇਣਾ ਸਰਕਾਰਾਂ ਦੀ ਨੀਅਤ 'ਤੇ ਵੱਡਾ ਸਵਾਲ ਹੈ, ਜਦਕਿ ਸਿੱਖ ਨੌਜਵਾਨਾਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਦਬਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹੁਣ ਚੁੱਪ ਰਹਿਣ ਦਾ ਸਮਾਂ ਨਹੀਂ, ਸਗੋਂ ਜ਼ੁਲਮ ਦੇ ਖਿਲਾਫ਼ ਡੱਟ ਕੇ ਖੜ੍ਹਨ ਦਾ ਵੇਲਾ ਆ ਗਿਆ ਹੈ। ਇਸੇ ਕਰਕੇ ਉਹਨਾਂ ਨੇ ਫੈਸਲਾ ਕੀਤਾ ਕਿ ਪੰਥਕ ਸੋਚ ਅਤੇ ਸੰਘਰਸ਼ ਨੂੰ ਅੱਗੇ ਵਧਾਉਣ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਝੰਡੇ ਹੇਠ ਲੜਾਈ ਲੜੀ ਜਾਵੇਗੀ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਬਾਈ ਨਛੱਤਰ ਸਿੰਘ ਵਰਗੇ ਮੈਦਾਨੀ ਜੰਗ ਲੜਨ ਵਾਲੇ ਆਗੂਆਂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜਨਾ ਸਿਰਫ ਸ਼ਮੂਲੀਅਤ ਨਹੀਂ, ਸਗੋਂ ਪੰਥ ਅਤੇ ਪੰਜਾਬ ਹਿੱਤਾਂ ਲਈ ਚਲਾਏ ਸੰਘਰਸ਼ ਨੂੰ ਨਵੀਂ ਤਾਕਤ ਦੇਣ ਵਾਲਾ ਮੋੜ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਧਰਤੀ 'ਤੇ ਪੰਥਕ ਲਹਿਰ ਹੋਰ ਤੇਜ਼ ਹੋਵੇਗੀ ਅਤੇ ਜੁਲਮ ਕਰਨ ਵਾਲਿਆਂ ਨੂੰ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ। ਇਸ ਮੌਕੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਗੁਰਦੀਪ ਸਿੰਘ, ਪਵਿੱਤਰਪਾਲ ਸਿੰਘ, ਸਾਬਕਾ ਡੀ ਐਸ ਪੀ ਰਘਬੀਰ ਸਿੰਘ ਭੁੱਲਰ, ਸਰਪੰਚ ਲਖਵਿੰਦਰ ਸਿੰਘ, ਸਰਪੰਚ ਹਰਜੀਤ ਸਿੰਘ ਪੱਡਾ, ਸਰਪੰਚ ਗਿਆਨ ਸਿੰਘ, ਸਰਪੰਚ ਸੁੱਖਾ ਸਿੰਘ,ਪੰਚ ਪਰਮਜੀਤ ਸਿੰਘ ਪੰਮਾ, ਸਰਪੰਚ ਧਾਲੀਵਾਲ ਬੇਟ ,ਜੱਸਾ ਸਿੰਘ ਜੌਹਰੀ, ਸਾਬਕਾ ਸਰਪੰਚ ਸੁਰਿੰਦਰ ਸਿੰਘ, ਕਮਲਜੀਤ ਸਿੰਘ ਮਠਾੜੂ ਅਤੇ ਬਲਾਕ ਆਗੂ ਸੁਖਦੇਵ ਸਿੰਘ ਖੀਰਾਂਵਾਲੀ ਵਾਲੀ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜਰ ਸਨ।

**ਨਸ਼ਿਆਂ, ਬੇਅਦਬੀਆਂ ਅਤੇ ਨੌਜਵਾਨਾਂ 'ਤੇ ਜੁਲਮਾਂ ਦੇ ਮੁੱਦੇ ਉੱਪਰ ਰਿਵਾਇਤੀ ਪਾਰਟੀਆਂ ਵਿਰੁੱਧ ਸਿਆਸੀ ਜੰਗ ਦਾ ਐਲਾਨ**

ਆਵਾਜ਼ਿ ਕੌਮ AWAZE QAUM International Newspaper & WEB TV

ਕਾਂਗਰਸ ਪਾਰਟੀ ਨੂੰ ਝਟਕਾ ਇੰਦਰਜੀਤ ਸਿੰਘ ਰਾਏਪੁਰ ਤੇ ਕਾਂਗਰਸ ਪਾਰਟੀ ਦੀ

# ਮੌਜੂਦਾ ਪੰਚਾਇਤ ਆਪ ਪਾਰਟੀ 'ਚ ਸ਼ਾਮਿਲ



ਜੰਡਿਆਲਾ ਗੁਰੂ 20 ਮਾਰਚ (ਕੁਲਵੰਤ ਸਿੰਘ ਵਿਰਦੀ ) ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਨੂੰ ਮਿਲਿਆ ਭਰਵਾਂ ਹੁੰਗਾਰਾਂ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਾਏਪੁਰ ਕਲਾਂ ਤੋਂ ਪੰਜਾਬ ਸਟੇਟ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਸਾਬਕਾ ਮੈਂਬਰ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਟੇਟ ਕੋਆਰਡੀਨੇਟਰ ਐੱਸ.ਸੀ. ਵਿੰਗ, ਸਰਦਾਰ ਇੰਦਰਜੀਤ ਸਿੰਘ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਕਾਂਗਰਸ ਪਾਰਟੀ ਦੀ ਮੌਜੂਦਾ ਸਰਪੰਚ, ਉਹਨਾਂ ਦੀ ਧਰਮ ਪਤਨੀ ਸ੍ਰੀਮਤੀ ਹਰਜਿੰਦਰ ਕੌਰ ਅਤੇ 7 ਮੈਂਬਰਾਂ ਵਾਲੀ ਪੂਰੀ ਪੰਚਾਇਤ ਵੀ ਪਾਰਟੀ ਵਿੱਚ ਸ਼ਾਮਿਲ ਹੋਈ। ਇਹ ਇੱਕ ਵੱਡਾ ਅਤੇ ਅਹਿਮ ਕਦਮ ਹੈ, ਜੋ ਦਿਖਾਉਂਦਾ ਹੈ ਕਿ ਪਿੰਡਾਂ ਦੇ ਪੱਧਰ 'ਤੇ ਵੀ ਲੋਕ ਬਦਲਾਅ ਦੀ ਸੋਚ ਨਾਲ ਅੱਗੇ ਵੱਧ ਰਹੇ ਹਨ ਕਿਉਕਿ ਬੀਤੇ ਸਮੇਂ ਦੌਰਾਨ ਰਾਏਪੁਰ ਕਲਾਂ ਤੋਂ ਕਾਂਗਰਸ ਪਾਰਟੀ ਨਾਲ ਸਬੰਧਤ ਪੰਚਾਇਤ ਬਣੀ ਸੀ ਜੋ ਅੱਜ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈ ਹੈ ।ਕੈਬਿਨੇਟ ਮੰਤਰੀ ਅਤੇ ਜੰਡਿਆਲਾ ਗੁਰੂ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ ਜੀ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਇਹ ਪਿਆਰ ਅਤੇ ਭਰੋਸਾ ਸਾਡੀ ਸਭ ਤੋਂ ਵੱਡੀ ਤਾਕਤ ਹੈ। ਇਹ ਸਾਨੂੰ ਹੋਰ ਜ਼ਿਆਦਾ ਮਿਹਨਤ ਕਰਨ ਅਤੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪਾਰਟੀ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਦੀ ਕੋਸ਼ਿਸ਼ ਕਰੇਗੀ ਅਤੇ ਵਿਕਾਸ, ਇਮਾਨਦਾਰੀ ਅਤੇ ਸਾਫ਼-ਸੁਥਰੇ ਪ੍ਰਸ਼ਾਸਨ ਲਈ ਲਗਾਤਾਰ ਕੰਮ ਕਰਦੀ ਰਹੇਗੀ ।ਇਸ ਮੌਕੇ ਬਲਾਕ ਸੰਮਤੀ ਦੇ ਚੇਅਰਮੈਨ ਅਮਰੀਕ ਸਿੰਘ ਸੋਢੀ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ !

**ਵਿਕਾਸ ਕਾਰਜਾਂ ਨੂੰ ਵੇਖਦਿਆਂ ਹੋਇਆ ਮਿਲ ਰਿਹਾ ਹਲਕੇ ਦੇ ਲੋਕਾਂ ਦਾ ਪਿਆਰ ਸ੍ਰ ਈ.ਟੀ.ਓ**

ਆਵਾਜ਼ਿ ਕੌਮ AWAZE QAUM International Newspaper & WEB TV

## ਕੇਂਦਰ ਸਰਕਾਰ ਵੱਲੋਂ ਅਰਵਿੰਦ ਕੇਜਰੀਵਾਲ ਤੇ ਪਾਰਟੀ ਦੇ ਹੋਰ ਸੀਨੀਅਰ ਆਗੂਆਂ ਨੂੰ ਕਰਪਸ਼ਨ ਦੇ ਝੂਠੇ ਕੇਸਾਂ ਚ ਉਲਝਾਉਣ ਦੇ ਸੱਚ ਨੂੰ ਬੇਪਰਦ ਕਰਨ ਲਈ ਮਜੀਠਾ 'ਚ ਡਾਕੂਮੈਂਟਰੀ ਵੀਡੀਓ ਦਿਖਾਈ

### ਝੂਠ ਜਿਆਦਾ ਚਿਰ ਨਹੀਂ ਚੱਲਦਾ, ਜਿੱਤ ਆਖਰ ਸੱਚ ਦੀ ਹੀ ਹੁੰਦੀ - ਤਲਬੀਰ ਸਿੰਘ ਗਿੱਲ



ਅੰਮ੍ਰਿਤਸਰ, 20 ਮਾਰਚ ( ਕੁਲਵੰਤ ਸਿੰਘ ਵਿਰਦੀ ) - ਅੱਜ ਮਜੀਠਾ ਦੀ ਦਾਣਾ ਮੰਡੀ ਵਿਖੇ ਇੱਕ ਵੱਡੀ ਸਕਰੀਨ ਲਗਾ ਕੇ ਮਜੀਠਾ ਵਾਸੀਆਂ ਨੂੰ ਉੱਘੇ ਯੂ-ਟਿਊਬਰ ਧਰੁਵ ਰਾਠੀ ਦੀ ਡਾਕੂਮੈਂਟਰੀ 'ਇੰਡੀਆਜ ਬਿਗਸਟ ਕਾਨਸਪਰੈਂਸੀ, ਰਿਆਲਟੀ ਆਫ਼ ਦਿੱਲੀ ਲੀਕਰ ਸਕੈਮ' ਦਿਖਾਈ ਗਈ। ਵੱਡੀ ਗਿਣਤੀ ਵਿੱਚ ਮਜੀਠਾ ਦੇ ਵਾਸੀਆਂ ਨੇ ਪਹੁੰਚ ਕੇ ਇਸ ਡਾਕੂਮੈਂਟਰੀ ਵੀਡੀਓ ਨੂੰ ਦੇਖਿਆ। 27 ਮਿੰਟ ਦੀ ਇਸ ਵੀਡੀਓ ਡਾਕੂਮੈਂਟਰੀ ਵਿੱਚ ਵਿਸ਼ਵ ਪ੍ਰਸਿੱਧ ਯੂ-ਟਿਊਬਰ ਧਰੁਵ ਰਾਠੀ ਨੇ ਪੂਰੇ ਵਿਸਥਾਰ ਨਾਲ ਤੱਥਾਂ ਸਮੇਤ ਸੱਚ ਦਿਖਾਇਆ ਕਿ ਕਿਵੇਂ ਕੇਂਦਰ ਦੀ ਮੋਦੀ ਸਰਕਾਰ ਨੇ ਝੂਠੇ ਅਤੇ ਬੇਬੁਨਿਆਦ ਦੋਸ਼ਾਂ ਤਹਿਤ ਦਿੱਲੀ ਦੇ ਤਤਕਾਲੀ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁਨੀਸ਼ ਸਿਸੋਦੀਆ, ਸਤਿੰਦਰ ਜੈਨ ਸਮੇਤ ਪਾਰਟੀ ਦੇ ਹੋਰ ਆਗੂਆਂ ਨੂੰ ਦਿੱਲੀ ਸ਼ਰਾਬ ਘੁਟਾਲੇ ਦੇ ਫ਼ਰਜ਼ੀ ਕੇਸ ਵਿੱਚ ਫਸਾਇਆ ਸੀ। 6 ਦਿਨ ਪਹਿਲਾਂ ਜਾਰੀ ਹੋਈ ਇਸ ਡਾਕੂਮੈਂਟਰੀ ਨੂੰ ਹੁਣ ਤੱਕ 95 ਲੱਖ ਤੋਂ ਵੱਧ ਲੋਕ ਦੇਖ ਚੁੱਕੇ ਹਨ। ਮਜੀਠਾ ਵਾਸੀਆਂ ਨੇ ਇਸ ਡਾਕੂਮੈਂਟਰੀ ਵੀਡੀਓ ਨੂੰ ਪੂਰੇ ਧਿਆਨ ਨਾਲ ਦੇਖਿਆ ਅਤੇ ਸੱਚ ਜਾਣ ਕੇ ਕੇਂਦਰ ਸਰਕਾਰ ਦੀ ਇਸ ਮਾੜੀ ਸੋਚ ਤੇ ਨੀਤੀ ਦੀ ਕਰੜੀ ਅਲੋਚਨਾ ਕੀਤੀ ।ਇਸ ਮੌਕੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਅਸਲ ਵਿੱਚ ਆਮ ਆਦਮੀ ਪਾਰਟੀ ਦੀ ਚੜ੍ਹਤ ਤੋਂ ਬਹੁਤ ਖ਼ਤਰਾ ਮਹਿਸੂਸ ਕਰਦੀ ਹੈ ਅਤੇ ਉਨ੍ਹਾਂ ਨੇ ਇੱਕ ਇਮਾਨਦਾਰ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਬਦਨਾਮ ਕਰਨ ਲਈ ਝੂਠੇ ਕੇਸ ਵਿੱਚ ਫਸਾ ਕੇ ਜੇਲ੍ਹ ਵਿੱਚ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਭਾਂਵੇਂ ਮੋਦੀ ਸਰਕਾਰ ਨੇ ਇਸ ਝੂਠ ਨੂੰ ਫੈਲਾਉਣ ਲਈ ਆਪਣੀ ਪੂਰੀ ਵਾਹ ਲਗਾਈ ਪਰ ਝੂਠ ਅਕਸਰ ਝੂਠ ਹੀ ਰਹਿੰਦਾ ਹੈ ਅਤੇ ਆਖਰ ਸੱਚ ਦੀ ਜਿੱਤ ਹੋਈ ਅਤੇ ਦਿੱਲੀ ਦੀ ਅਦਾਲਤ ਨੇ ਇਸ ਕੇਸ ਨੂੰ ਬੇਬੁਨਿਆਦ ਦੱਸਦੇ ਹੋਏ ਸ੍ਰੀ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਸਮੇਤ ਹੋਰ ਆਗੂਆਂ ਨੂੰ ਬਰੀ ਕਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਲੋਕਾਂ ਨੇ ਧਰੁਵ ਰਾਠੀ ਦੀ ਤੱਥਾਂ ਸਮੇਤ ਵੀਡੀਓ ਰਾਹੀਂ ਵੀ ਮੋਦੀ ਸਰਕਾਰ ਦੀ ਸਾਜਿਸ਼ ਨੂੰ ਦੇਖਿਆ ਹੈ। ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਹ ਡਾਕੂਮੈਂਟਰੀ ਫਿਲਮ ਹੋਰ ਲੋਕਾਂ ਨੂੰ ਵੀ ਦਿਖਾਈ ਜਾਵੇਗੀ ਤਾਂ ਜੋ ਦੇਸ਼ ਦੇ ਲੋਕ ਮੋਦੀ ਸਰਕਾਰ ਦੀ ਸਾਜਿਸ਼ੀ ਸੋਚ ਨੂੰ ਦੇਖ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

## ਖ਼ਾਲਸਾ ਕਾਲਜ ਵੈਟਰਨਰੀ ਵਿਖੇ ਗਾਵਾਂ 'ਤੇ ਅਲਟਰਾਸੋਨੋਗ੍ਰਾਫੀ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ

**ਅੰਮ੍ਰਿਤਸਰ, 20 ਮਾਰਚ (ਆਵਾਜ਼ਿ ਕੌਮ ਬਿਊਰੋ)** - ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵਿਖੇ ਅਭਿਆਸ ਕਰਨ ਵਾਲੇ ਪਸ਼ੂਆਂ ਦੇ ਡਾਕਟਰਾਂ ਲਈ 'ਗਾਵਾਂ 'ਚ ਅਲਟਰਾਸੋਨੋਗ੍ਰਾਫੀ' 'ਤੇ 3 ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੀ ਦੇਖ-ਰੇਖ ਕਰਵਾਏ ਗਏ ਉਕਤ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਆਧੁਨਿਕ ਵੈਟਰਨਰੀ ਇਮੇਜਿੰਗ ਤਕਨੀਕਾਂ 'ਚ ਉਨ੍ਹਾਂ ਦੇ ਡਾਇਗਨੌਸਟਿਕ ਗਿਆਨ ਅਤੇ ਵਿਹਾਰਕ ਹੁਨਰ ਨੂੰ ਵਧਾਉਣਾ ਸੀ। ਇਸ ਪ੍ਰੋਗਰਾਮ ਦਾ ਉਦਘਾਟਨ ਡਾ. ਵਰਮਾ ਨੇ ਕਰਨ ਉਪਰੰਤ ਸੰਬੋਧਨ ਕਰਦਿਆਂ ਸਮਕਾਲੀ ਵੈਟਰਨਰੀ ਅਭਿਆਸ 'ਚ ਉੱਨਤ ਡਾਇਗਨੌਸਟਿਕ ਟੂਲਸ ਦੀ ਵੱਧ ਰਹੀ ਮਹੱਤਤਾ, ਜਾਨਵਰਾਂ ਦੀ ਸਿਹਤ ਅਤੇ ਉਤਪਾਦਕਤਾ ਨੂੰ ਬਿਹਤਰ ਬਣਾਉਣ 'ਚ ਉਨ੍ਹਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਡਾ. ਵੀ.ਕੇ. ਗੰਡੋਤਰਾ (ਐਚਓਡੀ, ਵੈਟਰਨਰੀ ਗਾਇਨੀਕੋਲੋਜੀ), ਡਾ. ਪੀ. ਐਸ. ਮਾਵੀ (ਡਾਇਰੈਕਟਰ ਕਲੀਨਿਕਸ) ਅਤੇ ਡਾ. ਜੇ. ਡੀ. ਪਰਾਹ (ਐਚਓਡੀ, ਵੈਟਰਨਰੀ ਸਰਜਰੀ) ਵੱਲੋਂ ਉਲੀਕਿਆ ਗਿਆ ਸੀ। ਉਨ੍ਹਾਂ ਨੇ ਅਲਟਰਾਸੋਨੋਗ੍ਰਾਫੀ ਨੂੰ ਵੈਟਰਨਰੀ ਅਤੇ ਮੈਡੀਕਲ ਵਿਗਿਆਨ ਦੋਵਾਂ 'ਚ ਇਕ ਗੈਰ-ਹਮਲਾਵਰ, ਭਰੋਸੇਮੰਦ ਅਤੇ ਲਾਜ਼ਮੀ ਡਾਇਗਨੌਸਟਿਕ ਵਿਧੀ ਵਜੋਂ ਉਜਾਗਰ ਕੀਤਾ। ਇਸ ਮੌਕੇ ਸਹਾਇਕ ਪ੍ਰੋਫੈਸਰ ਡਾ. ਕਾਰਤਿਕ ਸ਼ਰਮਾ ਨੇ ਬੋਵਾਈਨ ਪੇਟ ਅਲਟਰਾਸੋਨੋਗ੍ਰਾਫੀ ਦੀਆਂ ਮੂਲ ਗੱਲਾਂ 'ਤੇ ਭਾਸ਼ਣ ਦਿੰਦਿਆਂ ਅਲਟਰਾਸੋਨੋਗ੍ਰਾਫੀ ਦੇ ਸਿਧਾਂਤ, ਮਸ਼ੀਨ ਦੇ ਹਿੱਸੇ, ਟ੍ਰਾਂਸਡਿਊਸਰਾਂ ਦੀਆਂ ਕਿਸਮਾਂ, ਅਲਟਰਾਸੋਨੋਗ੍ਰਾਫਿਕ ਕਲਾਕ੍ਰਿਤੀਆਂ ਅਤੇ ਪੇਟ ਦੇ ਅੰਗਾਂ ਦੀ ਇਮੇਜਿੰਗ ਆਦਿ ਸਬੰਧੀ ਚਾਨਣਾ ਪਾਇਆ। ਇਸ ਤੋਂ ਬਾਅਦ ਸਹਾਇਕ ਪ੍ਰੋਫੈਸਰ ਡਾ. ਕਲਪਨਾ ਜੈਸਵਾਲ ਵੱਲੋਂ ਬੋਵਾਈਨ ਪੇਟ ਵਿਕਾਰ ਦੇ ਅਲਟਰਾਸੋਨੋਗ੍ਰਾਫਿਕ ਨਿਦਾਨ 'ਤੇ ਭਾਸ਼ਣ ਦਿੱਤਾ ਗਿਆ। ਇਸ ਮੌਕੇ ਭਾਗੀਦਾਰਾਂ ਨੂੰ ਵਿਆਪਕ ਹੱਥੀਂ ਸਿਖਲਾਈ ਪ੍ਰਦਾਨ ਕੀਤੀ ਗਈ। ਡਾ. ਵਰਮਾ ਨੇ ਕਿਹਾ ਕਿ ਇਸ ਦੌਰਾਨ ਸਿਖਿਆਰਥੀਆਂ ਨੂੰ ਪੇਟ ਦੇ ਅੰਗਾਂ ਦੀ ਆਮ ਸਰੀਰਿਕ ਸਥਿਤੀ ਅਤੇ ਅਲਟਰਾਸੋਨੋਗ੍ਰਾਫਿਕ ਦਿੱਖ ਨਾਲ ਜਾਣੂ ਕਰਵਾਉਣ ਲਈ ਸਿਹਤਮੰਦ ਗਾਵਾਂ ਨੂੰ ਸਕੈਨ ਕੀਤਾ ਗਿਆ, ਜਿਸ ਤੋਂ ਬਾਅਦ ਅਸਧਾਰਨ ਖੋਜਾਂ ਨੂੰ ਪ੍ਰਦਰਸ਼ਿਤ ਕਰਨ ਵਾਲੇ ਕੇਸ ਅਧਾਰਿਤ ਵਿਚਾਰ-ਵਟਾਂਦਰੇ ਕੀਤੇ ਗਏ। ਡਾ. ਵਰਮਾ ਨੇ ਕਿਹਾ ਕਿ ਦੂਜੇ ਦਿਨ ਸਹਾਇਕ ਪ੍ਰੋਫੈਸਰ ਡਾ. ਆਂਚਲ ਰਾਣਾ ਨੇ ਅਲਟਰਾਸੋਨੋਗ੍ਰਾਫੀ ਦੇ ਬੁਨਿਆਦੀ ਸਿਧਾਂਤ: ਬੋਵਾਈਨ ਪ੍ਰਜਨਨ ਪ੍ਰਣਾਲੀ ਦੀਆਂ ਆਮ ਅਤੇ ਰੋਗ ਸਬੰਧੀ ਸਥਿਤੀਆਂ ਦਾ ਮੁਲਾਂਕਣ 'ਤੇ ਭਾਸ਼ਣ ਦਿੱਤਾ ਅਤੇ ਜਿਸ ਤੋਂ ਬਾਅਦ ਵਿਹਾਰਕ ਸੈਸ਼ਨ ਹੋਏ। ਇਸ ਮੌਕੇ ਸਹਾਇਕ ਪ੍ਰੋਫੈਸਰ ਡਾ. ਹਰਮੀਤ ਸਿੰਘ ਸੰਧੂ ਨੇ ਗਾਵਾਂ 'ਚ ਗਰਭ ਅਵਸਥਾ ਦੇ ਨਿਦਾਨ ਲਈ ਅਲਟਰਾਸੋਨੋਗ੍ਰਾਫੀ ਦੀ ਵਰਤੋਂ 'ਤੇ ਸੈਸ਼ਨ ਦੌਰਾਨ ਸਿਧਾਂਤਾਂ, ਫਾਇਦਿਆਂ ਅਤੇ ਵਿਹਾਰਕ ਉਪਯੋਗਾਂ ਸਬੰਧੀ ਵਿਸਥਾਰਪੂਰਵਕ ਚਾਨਣਾ ਪਾਇਆ। ਇਸਦੇ ਨਾਲ ਹੀ ਗਰਭ ਅਵਸਥਾ ਦਾ ਪਤਾ ਲਗਾਉਣ 'ਚ ਹੱਥੀਂ ਸਿਖਲਾਈ ਦਿੱਤੀ। ਇਸ ਪ੍ਰੋਗਰਾਮ ਦੇ ਆਖਰੀ ਦਿਨ ਪੂਰੀ ਤਰ੍ਹਾਂ ਨਿਰਦੇਸ਼ਿਤ ਹੱਥੀਂ ਅਭਿਆਸ ਸੈਸ਼ਨਾਂ 'ਤੇ ਕੇਂਦ੍ਰਿਤ ਰਿਹਾ। ਇਸ ਮੌਕੇ ਸਿਖਿਆਰਥੀਆਂ ਨੇ ਡਾ. ਵਰਮਾ, ਕੋਰਸ ਕੋਆਰਡੀਨੇਟਰਾਂ ਅਤੇ ਫੈਕਲਟੀ ਮੈਂਬਰਾਂ ਦਾ ਅਜਿਹੇ ਵਿਆਪਕ ਅਤੇ ਵਿਹਾਰਕ ਸਿਖਲਾਈ ਪਹਿਲਕਦਮੀ ਦਾ ਆਯੋਜਨ ਕਰਨ 'ਤੇ ਧੰਨਵਾਦ ਕੀਤਾ। ਇਸ ਮੌਕੇ ਡਾ. ਵਰਮਾ ਨੇ ਭਾਗੀਦਾਰਾਂ ਨਾਲ ਗੱਲਬਾਤ ਕੀਤੀ, ਜਿਸ ਦੌਰਾਨ ਸਵਾਲ-ਜਵਾਬ ਸੈਸ਼ਨ ਵੀ ਕਰਵਾਇਆ ਗਿਆ। ਜਿਸ 'ਚ ਮੌਕੇ 'ਤੇ ਹੀ ਵੈਟ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243